


ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ www.fatehtimesmedia.com Email- fatehtimes1699@gmail.com

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ

ਰਜਿ ਨੰ : ਪੀ ਬੀ 22000167 ਫਤਿਹਾਬਾਦ , ਸ਼ਨਿੱਚਰਵਾਰ 18 ਜੁਲਾਈ 2026, ਨਾਨਕਸ਼ਾਹੀ 3 ਸਾਵਣ , ਸੰਮਤ 558 ਸਾਲ: 5, ਅੰਕ 75 , ਪੰਨੇ: 4, ਮੁੱਲ: 4 ਰੁਪਏ

## ਸ਼੍ਰੋਮਣੀ ਕਮੇਟੀ ਨੇ ਸ੍ਰ. ਤੇਜਾ ਸਿੰਘ ਸਮੁੰਦਰੀ ਦੀ 100 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਕਰਵਾਇਆ ਸਮਾਗਮ

ਫਤਿਹ ਟਾਈਮਜ਼

**ਗੁਰਦੁਆਰਾ ਸੁਧਾਰ ਲਹਿਰ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਪੰਥ ਲਈ ਰਾਹ ਦਸੇਰਾ - ਜਥੇਦਾਰ ਕੁਲਦੀਪ ਸਿੰਘ ਗੜਗੱਜ**



ਅੰਮ੍ਰਿਤਸਰ, 17 ਜੁਲਾਈ (ਐਸ ਐਸ ਸੰਧਾ) ਗੁਰਦੁਆਰਾ ਪ੍ਰਬੰਧ ਸੁਧਾਰ ਤੇ ਅਕਾਲੀ ਲਹਿਰ ਦੇ ਪ੍ਰਮੁੱਖ ਆਗੂ ਸ. ਤੇਜਾ ਸਿੰਘ ਸਮੁੰਦਰੀ ਜੀ ਦੀ 100 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸਥਾਪਤ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਮਨਾਈ ਗਈ। ਇਸ ਸ਼ਤਾਬਦੀ ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ ਤੇ ਸ. ਤੇਜਾ ਸਿੰਘ ਸਮੁੰਦਰੀ ਦੇ ਪੋਤਰੇ ਤੇ ਦਿੱਲੀ ਦੇ ਉੱਪ ਰਾਜਪਾਲ ਸ. ਤਰਨਜੀਤ ਸਿੰਘ ਸੰਧੂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਬਿਹ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨੇ ਲਿਆ। ਉਨ੍ਹਾਂ ਕਥਾ-ਵਿਚਾਰ ਕਰਦਿਆਂ ਸੰਗਤਾਂ ਨੂੰ ਸ. ਤੇਜਾ ਸਿੰਘ ਸਮੁੰਦਰੀ ਦੇ ਜੀਵਨ ਸੰਘਰਸ਼ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ. ਤੇਜਾ ਸਿੰਘ ਸਮੁੰਦਰੀ ਕੁਰਬਾਨੀ ਵਾਲੀ ਉਹ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਪੰਥ ਦੇ ਲੇਖੇ ਲਾਇਆ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦੌਰਾਨ ਸਿੱਖ ਯੋਧਿਆਂ ਨੇ ਅਜਿੱਤ ਕਹੀ ਜਾਣ ਵਾਲੀ ਅੰਗਰੇਜ਼ ਹਕੂਮਤ ਖਿਲਾਫ਼ ਮੋਰਚਾ ਲਾਇਆ ਅਤੇ ਸਰਕਾਰ ਦੇ ਜ਼ੁਲਮਾਂ ਵਿਰੁੱਧ ਜਿੱਤ ਹਾਸਲ ਕਰਦਿਆਂ ਪੰਥ ਦਾ ਨਾਂ ਉੱਚਾ ਕੀਤਾ। ਉਨ੍ਹਾਂ ਕਿਹਾ ਕਿ ਸ. ਤੇਜਾ ਸਿੰਘ ਸਮੁੰਦਰੀ ਨੇ (ਬਾਕੀ ਸਫਾ 2 ਤੇ)

## ਇਸ ਮਹੀਨੇ ਦੋ ਰੁੱਖ ਜਰੂਰ ਲਗਾਉ।

### ਸਰਬਜੋਤ ਸਿੰਘ ਸੰਧਾ

ਫਤਿਹ ਟਾਈਮਜ਼ ਸੰਪਾਦਕੀ

ਇੱਕ ਰੁੱਖ ਸੌ ਸੁੱਖ ,ਰੁੱਖ ਇਨਸਾਨ ਦੇ ਸੱਚੇ ਸਾਥੀ ਇਹ ਸਾਰੀਆਂ ਸਤਰਾਂ ਬਚਪਨ 'ਚ ਬਜੁਰਗਾਂ ਤੋਂ ਸੁਣਦੇ ਆਏ ਹਾਂ ਪਰ ਅਜੋਕੇ ਦੌਰ ਵਿਚ ਲੋਕ ਸਿਰਫ ਪੈਸੇ ਅਤੇ ਪਦਾਰਥ ਦੀ ਦੌੜ ਚ ਇਹਨਾਂ ਇਨਸਾਨ ਦੇ ਸੱਚੇ ਸਾਥੀਆਂ ਦਾ ਚੇਤਾ ਭੁੱਲਾ ਗਏ ਸਨ । ਬਜੁਰਗ ਦੱਸਦੇ ਸਨ ਹਰ ਵਿਅਕਤੀ ਦੀਆਂ ਆਖਰੀ ਰਸਮਾਂ ਮੌਕੇ ਇੱਕ ਰੁੱਖ ਦੀ ਵਰਤੋਂ ਹੁੰਦੀ ਹੈ ਇਸ ਲਈ ਜੇਕਰ ਇਕ ਰੁੱਖ ਇਨਸਾਨ ਦੇ ਜਾਣ ਤੇ ਵਰਤਿਆ ਜਾਣਾ ਹੈ ਤਾ ਹਰ ਇਨਸਾਨ ਨੂੰ ਘੱਟੋ 10 ਰੁੱਖ ਤਾ ਜਰੂਰ ਲਗਾ ਕੇ ਪਾਲਣੇ ਚਾਹੀਦੇ ਹਨ। ਬਜੁਰਗਾਂ ਦੇ ਕਹਿਣ ਅਨੁਸਾਰ ਸਾਵਣ ਦਾ ਮਹੀਨਾਂ ਰੁੱਖ ਲਗਾਉਣ ਲਈ ਸਭ ਤੋਂ ਉੱਤਮ ਮੰਨਿਆ ਜਾਂਦਾ ਹੈ ਦੱਸਦੇ ਹਨ ਕਿ ਇਸ ਮਹੀਨੇ ਜੜ੍ਹਾਂ ਤੋਂ ਪੁੱਟਿਆ ਪੌਦਾ ਵੀ ਚੱਲ ਪੈਂਦਾ ਹੈ । ਇਸ ਲਈ ਆਉ ਸਾਵਣ ਦੇ ਮਹੀਨੇ ਚ ਘੱਟੋ ਘੱਟ 2 ਰੁੱਖ ਲਗਾ ਕੇ ਉਨ੍ਹਾਂ ਨੂੰ ਪਾਲਣ ਦਾ ਅਹਿਦ ਕਰੀਏ।

## ਜਲੰਧਰ 'ਚ ਹਰੀ ਪੱਗ ਬੰਨ੍ਹ ਕੇ ਪਹੁੰਚੇ ਪ੍ਰਧਾਨ ਮੰਤਰੀ ਮੋਦੀ ਡਬਲ ਇੰਜਣ ਦੀ ਸਰਕਾਰ ਲਿਆਉਣ ਦੀ ਕੀਤੀ ਅਪੀਲ

ਫਤਿਹ ਟਾਈਮਜ਼



ਜਲੰਧਰ, 17 ਜੁਲਾਈ (ਫ.ਟ.ਬ) ਪ੍ਰਧਾਨ ਮੰਤਰੀ ਮੋਦੀ ਪਹਿਲੀ ਵਾਰ ਹਰੀ ਪੱਗ ਬੰਨ ਕੇ ਪੰਜਾਬੀਆਂ ਨੂੰ ਸੰਬੋਧਨ ਕਰ ਰਹੇ ਹਨ। ਉਨ੍ਹਾਂ ਹਰੀ ਪੱਗ ਨੂੰ ਹਰੀ ਕ੍ਰਾਂਤੀ ਨਾਲ ਜੋੜਿਆ ਅਤੇ ਕਿਹਾ ਕਿ ਕਿਸਾਨ ਸਾਡੇ ਸਿਰ ਦਾ ਤਾਜ ਹਨ। ਇਸ ਦੇ ਜ਼ਰੀਏ ਉਨ੍ਹਾਂ ਨੇ ਕਿਸਾਨਾਂ ਨੂੰ ਖੁਸ਼ ਕਰਨ ਦਾ ਰਾਹ ਅਪਣਾਇਆ। ਇਸ ਮੌਕੇ ਪੀਐਮ ਮੋਦੀ ਨੇ ਪੰਜਾਬੀਆਂ ਨਾਲ ਪੰਜਾਬੀ 'ਚ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, "ਪੰਜਾਬੀਓ ਕਿਵੇਂ ਹੋ, ਚੜ੍ਹਦੀ ਕਲਾ 'ਚ ਹੋ ਜਾਂ ਨਹੀਂ ?"

ਅੱਜ ਜਲੰਧਰ ਵਿਕਾਸ ਦੇ ਉਤਸਵ ਦਾ ਸਾਥੀ ਬਣ ਰਿਹਾ ਹੈ। ਮੋਦੀ ਨੇ ਕਿਹਾ ਕਿ ਅੱਜ ਮੈਨੂੰ ਜੀਂਦ (ਹਰਿਆਣਾ) 'ਚ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਸ਼ੁਰੂ ਕਰਨ ਦਾ ਮੌਕਾ ਮਿਲਿਆ ਹੈ।ਇਸ ਮੌਕੇ ਮੈਨੂੰ ਕੁਰੂਕਸ਼ੇਤਰ ਵਿੱਚ ਸਿੱਖ ਮਿਊਜ਼ੀਅਮ ਦਾ ਨੀਂਹ ਪੱਥਰ ਰੱਖਣ ਦਾ ਸੁਭਾਗ ਮਿਲਿਆ ਹੈ। ਇਹ ਗੁਰੂ ਸਾਹਿਬਾਨ ਦੇ ਗਿਆਨ ਅਤੇ ਸਿੱਖਿਆਵਾਂ ਦੇ ਪ੍ਰਚਾਰ-ਪ੍ਰਸਾਰ ਵਿੱਚ ਅਹਿਮ ਭੂਮਿਕਾ ਨਿਭਾਏਗਾ। ਹਰੇ ਰੰਗ ਦੀ ਪੱਗ ਨੂੰ ਆਮ ਤੌਰ 'ਤੇ ਕਿਸਾਨ ਪਰਿਵਾਰ ਨਾਲ ਜੋੜ ਕੇ ਦੇਖਿਆ ਜਾਂਦਾ ਹੈ। ਹਰਿਆਵਲ ਭਰੇ ਸੂਬੇ ਵਿੱਚ ਜ਼ਿਆਦਾਤਰ ਕਿਸਾਨ ਆਗੂ ਅਤੇ ਕਿਸਾਨ ਜਥੇਬੰਦੀਆਂ ਦੇ ਕਾਰਕੁਨ ਹਰੇ ਰੰਗ ਦੀ ਪੱਗ ਹੀ ਬੰਨ੍ਹਦੇ ਹਨ। ਇਹ ਪੱਗ ਉਨ੍ਹਾਂ ਦੇ ਹਰੇ-ਭਰੇ ਖੇਤਾਂ ਨੂੰ ਦਰਸਾਉਂਦੀ ਹੈ। ਇਹ ਕਿਹਾ ਜਾ ਸਕਦਾ ਹੈ ਕਿ ਹਰੇ ਰੰਗ ਦੀਆਂ ਲਹਿਰਾਉਂਦੀਆਂ ਫ਼ਸਲਾਂ ਦੇ ਪ੍ਰਤੀਕ ਇਸ ਹਰੇ ਰੰਗ ਨੂੰ ਕਿਸਾਨ ਆਪਣੇ ਸਿਰ ਦਾ ਤਾਜ ਬਣਾ ਕੇ ਰੱਖਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਰੇ ਰੰਗ ਦੀ ਪੱਗ ਬੰਨ੍ਹਣ ਨੂੰ ਵੀ ਇਸੇ ਵੱਡੇ ਪ੍ਰਤੀਕ ਵਜੋਂ ਦੇਖਿਆ ਜਾ ਰਿਹਾ ਹੈ, ਜਿਸ ਰਾਹੀਂ ਉਨ੍ਹਾਂ ਨੇ ਪੰਜਾਬ ਦੇ ਕਿਸਾਨਾਂ ਅਤੇ ਖੇਤੀਬਾੜੀ ਖੇਤਰ ਦੇ ਵੱਡੇ ਯੋਗਦਾਨ ਨੂੰ ਸਨਮਾਨ ਦਿੱਤਾ ਹੈ।

ਪ੍ਰਧਾਨ ਮੰਤਰੀ ਨੇ ਜਲੰਧਰ ਦੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਵਾਸੀਆਂ ਨੂੰ ਡਬਲ ਇੰਜਣ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ ਅਤੇ ਵਿਕਾਸ ਕਾਰਜਾਂ ਨੂੰ ਹਰੀ ਝੰਡੀ ਦਿਖਾਈ। ?ਸਾਥੀਓ, ਅੱਜ ਹੀ ਲੁਧਿਆਣਾ ਬਾਈਪਾਸ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਅਤੇ ਦਿੱਲੀ-ਅੰਮ੍ਰਿਤਸਰ-ਕੱਟੜਾ ਐਕਸਪ੍ਰੈਸ-ਵੇਅ ਦੇ ਇੱਕ ਹੋਰ ਸੈਕਸ਼ਨ ਦਾ ਉਦਘਾਟਨ ਹੋਇਆ ਹੈ। ਮੈਂ ਅਜਿਹੇ ਹਰ ਪ੍ਰੋਜੈਕਟ ਲਈ ਇੱਥੋਂ ਦੇ ਵਾਸੀਆਂ ਨੂੰ ਅਤੇ ਖਾਸ ਤੌਰ 'ਤੇ ਪੰਜਾਬ ਦੇ ਮੇਰੇ (ਬਾਕੀ ਸਫਾ 2 ਤੇ)

## ਫਿਰੌਤੀ ਦੀ ਰਕਮ ਨਾ ਦੇਣ ਤੇ ਨਿਸ਼ਾਨਾ ਬਣਾਉਂਦੇ ਹੋਏ ਅਣਪਛਾਤੇ ਹਮਲਾਵਾਰ ਨੇ ਚਲਾਈਆਂ ਗੋਲੀਆਂ



ਫਤਿਹ ਟਾਈਮਜ਼

ਫਤਿਹਾਬਾਦ, 17 ਜੁਲਾਈ (ਸ਼ੀਤਲ ਬਾਵਾ) ਮਾਝੇ ਦੇ ਜਿਲ੍ਹਾ ਤਰਨ ਤਾਰਨ ਦੇ ਕਸਬਾ ਫਤਿਹਾਬਾਦ ਵਿੱਚ ਉਸ ਵੇਲੇ ਸਨਸਨੀ ਫੈਲ ਗਈ ਜਦੋਂ ਇਥੇ ਦੇ ਮਸ਼ਹੂਰ ਖੁਰਾਨਾ ਸਟੋਰ ਨੂੰ ਫਿਰੌਤੀ ਦੀ ਰਕਮ ਨਾ ਦੇਣ ਤੇ ਨਿਸ਼ਾਨਾ ਬਣਾਉਂਦੇ ਹੋਏ ਅਣਪਛਾਤੇ ਹਮਲਾਵਾਰ ਵੱਲੋਂ ਅੰਨ੍ਹੇਵਾਹ ਗੋਲੀਬਾਰੀ ਕੀਤੀ ਦਿਨ ਦਿਹਾੜੇ ਹੋਈ ਇਸ ਵਾਰਦਾਰਤ ਕਾਰਨ ਪੂਰੇ ਇਲਾਕੇ ਵਿੱਚ ਸਹਿਮ ਦਾ ਮਾਹੌਲ ਬਣ ਗਿਆ। ਜਾਣਕਾਰੀ ਅਨੁਸਾਰ ਮੋਟਰਸਾਈਕਲ ਸਵਾਰ ਦੋ ਹਮਲਾਵਾਰਾਂ ਨੇ ਦੁਕਾਨ ਦੇ ਬਾਹਰ ਆ ਕੇ ਅਚਾਨਕ ਹਥਿਆਰਾਂ ਨਾਲ ਫਾਇਰਿੰਗ ਸ਼ੁਰੂ ਕਰ ਦਿੱਤੀ।ਇਸ ਦੀ ਸੂਚਨਾ ਮਿਲਦੇ ਹੀ ਡੀਐਸਪੀ ਗੋਇੰਦਵਾਲ ਹਰਿੰਦਰ ਸਿੰਘ ਮੌਕੇ ਤੇ ਪਹੁੰਚੇ।ਪ੍ਰਤੱਖ ਦਰਸ਼ੀਆਂ ਨੇ ਦੱਸਿਆ ਗੋਲੀਆਂ ਲੱਗਣ ਕਾਰਨ ਦੁਕਾਨ ਦੇ ਸ਼ੀਸ਼ੇ ਅਤੇ ਸ਼ਟਰਾਂ ਬੁਰੀ ਤਰ੍ਹਾਂ ਨੁਕਸਾਨੇ ਹਨ ਖੁਸ਼ਕਿਸਮਤ ਰਹੀ ਕਿ ਇਸ ਹਮਲੇ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਇਸ ਘਟਨਾ ਤੋਂ ਤੁਰੰਤ ਬਾਅਦ ਸਥਾਨਕ ਦੁਕਾਨਦਾਰਾਂ ਤੇ ਵਪਾਰਾਂ ਮੰਡਲ ਵਿੱਚ ਭਾਰੀ ਡਰ ਦਾ ਮਾਹੌਲ ਪੈਦਾ ਹੋ ਗਿਆ।

## ਸਫਾਈ ਸੇਵਕਾਂ ਦੀ ਹੜਤਾਲ ਜਾਰੀ, ਗੋਨਿਆਣਾ ਮੰਡੀ ਵਿੱਚ ਰੋਸ ਪ੍ਰਦਰਸ਼ਨ ਤੇ ਅਰਥੀ ਫੂਕੀ

ਫਤਿਹ ਟਾਈਮਜ਼




ਗੋਨਿਆਣਾ ਮੰਡੀ, 17 ਜੁਲਾਈ (ਗੋਲਡੀ ਮੱਕੜ) ਆਪਣੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਸਫਾਈ ਸੇਵਕਾਂ ਦੀ ਹੜਤਾਲ ਲਗਾਤਾਰ ਜਾਰੀ ਹੈ। ਇਸੇ ਤਹਿਤ ਗੋਨਿਆਣਾ ਮੰਡੀ ਵਿੱਚ ਵੀ ਸਫਾਈ ਸੇਵਕਾਂ ਨੇ ਰੋਸ ਪ੍ਰਦਰਸ਼ਨ ਕਰਦਿਆਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਅਰਥੀ ਫੂਕ ਕੇ ਆਪਣਾ ਰੋਸ ਪ੍ਰਗਟਾਇਆ। ਹੜਤਾਲ ਕਾਰਨ ਗੋਨਿਆਣਾ ਮੰਡੀ ਸਮੇਤ ਕਈ ਥਾਵਾਂ 'ਤੇ ਸਫਾਈ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਸ਼ਹਿਰ ਦੀਆਂ ਗਲੀਆਂ-ਮੁਹੱਲਿਆਂ, ਬਾਜ਼ਾਰਾਂ ਅਤੇ ਜਨਤਕ ਥਾਵਾਂ 'ਤੇ ਕੂੜੇ ਦੇ ਢੇਰ ਲੱਗਣੇ ਸ਼ੁਰੂ ਹੋ ਗਏ ਹਨ। ਘਰਾਂ ਅਤੇ ਦੁਕਾਨਾਂ ਦੇ ਬਾਹਰ ਕੂੜਾ ਇਕੱਠਾ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵੱਧ ਰਹੀ ਗੰਦਗੀ ਕਾਰਨ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਵੀ ਜਤਾਇਆ ਜਾ ਰਿਹਾ ਹੈ ਅਤੇ ਸ਼ਹਿਰ ਵਾਸੀਆਂ ਨੇ ਜਲਦੀ ਹੱਲ ਦੀ ਮੰਗ ਕੀਤੀ ਹੈ।ਇਸ ਮੌਕੇ ਸਫਾਈ ਸੇਵਕ ਯੂਨੀਅਨ ਨੇ ਕਿਹਾ ਕਿ ਕਰਮਚਾਰੀਆਂ ਨੂੰ ਪੂਰੀਆਂ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ, ਜਿਸ ਕਾਰਨ ਉਨ੍ਹਾਂ ਦੇ ਪਰਿਵਾਰਾਂ ਦਾ (ਬਾਕੀ ਸਫਾ 2 ਤੇ)

LIC ਭਾਰਤੀਯ ਜੀਵਨ ਬੀਮਾ ਨਿਗਮ LIFE INSURANCE CORPORATION OF INDIA
ਬੀਮਾ ਸੇਵਾ ਕੇਂਦਰ

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈਂਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖ਼ਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ
ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।




ਸਫਾ 1 ਦੀ ਬਾਕੀ

## ਸ਼੍ਰੋਮਣੀ ਕਮੇਟੀ ਨੇ ਸ. ਤੇਜਾ ਸਿੰਘ ਸਮੁੰਦਰੀ ਦੀ 100 ਸਾਲਾ ਸ਼ਹੀਦੀ ਸ਼ਤਾਬਦੀ...

ਨੇ ਸਿੱਖ ਸੰਸਥਾਵਾਂ ਨੂੰ ਸਥਾਪਤ ਅਤੇ ਮਜ਼ਬੂਤ ਕਰਨ ਲਈ ਮੋਹਰੀ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਅਜਿਹੇ ਆਗੂ ਕੌਮ ਲਈ ਹਮੇਸ਼ਾ ਪ੍ਰੇਰਣਾਸ੍ਰੋਤ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਵੀ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀਆਂ ਲਗਾਤਾਰ ਸਾਜ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਪੰਥ ਵਿਰੋਧੀ ਸਾਜ਼ਿਸ਼ਾਂ ਦੇ ਮੁਕਾਬਲੇ ਲਈ ਆਪਣੇ ਵਖਰੇਵੇਂ ਛੱਡ ਕੇ ਇਕਜੁਟ ਹੋਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਉਸ ਵਕਤ ਸਾਡੇ ਆਗੂਆਂ ਨੇ ਸੱਚ ਦੀ ਅਵਾਜ਼ ਨੂੰ ਲੋਕਾਂ ਤੱਕ ਪਹੁੰਚਾਉਣਲਈ ਅਕਾਲੀ ਅਖ਼ਬਾਰ ਆਰੰਭ ਕੀਤਾ ਸੀ। ਅੱਜ ਵੀ ਲੋੜ ਹੈ ਕਿ ਸਾਡੀ ਅਜ਼ਾਦ ਪ੍ਰੈੱਸ ਹੋਵੇ, ਇਸ ਲਈ ਪੰਥ ਨੂੰ ਯਤਨ ਕਰਨੇ ਚਾਹੀਦੇ ਹਨ।ਇਸ ਮੌਕੇ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ. ਤੇਜਾ ਸਿੰਘ ਸਮੁੰਦਰੀ ਨੇ ਪੰਥ ਲਈ ਉਦੋਂ ਸੰਘਰਸ਼ ਲੜਿਆ ਜਦੋਂ ਅੰਗਰੇਜ਼ ਹਕੂਮਤ ਦਾ ਪੂਰਾ ਜ਼ੋਰ ਸੀ ਅਤੇ ਮਹੰਤਾਂ ਵੱਲੋਂ ਗੁਰਦੁਆਰਾ ਸਾਹਿਬਾਨ ਅੰਦਰ ਮਨਮਤਾਂ ਕੀਤੀਆਂ ਜਾ ਰਹੀਆਂ ਸਨ। ਸਿੱਖ ਭਾਵਨਾਵਾਂ ਦੀ ਤਰਜ਼ਮਾਨੀ ਕਰਦਿਆਂ ਜਿਨ੍ਹਾਂ ਸੂਰਬੀਰਾਂ ਨੇ ਇਸ ਵਿਰੁੱਧ ਸੰਘਰਸ਼ ਲੜਿਆ, ਉਨ੍ਹਾਂ ਵਿੱਚੋਂ ਸ. ਤੇਜਾ ਸਿੰਘ ਸਮੁੰਦਰੀ ਮੋਹਰੀ ਆਗੂ ਸਨ। ਸ. ਸਮੁੰਦਰੀ ਨੇ ਸਰਕਾਰ ਵੱਲੋਂ ਰਿਹਾਈ ਲਈ ਮੁਆਫ਼ੀ ਮੰਗਣ ਦੀ ਸ਼ਰਤ ਨੂੰ ਠੁਕਰਾਉਂਦਿਆਂ ਜ਼ੁਲਮ ਅੱਗੇ ਝੁਕਣ ਤੋਂ ਸਾਫ਼ ਇਨਕਾਰ ਕੀਤਾ। ਉਨ੍ਹਾਂ ਕਿਹਾ ਕਿ ਉਹ ਅਜਿਹੇ ਆਗੂ ਸਨ ਜਿਨ੍ਹਾਂ ਲਈ ਨਿੱਜ ਨਾਲੋਂ ਸੰਸਥਾਵਾਂ ਵੱਡੀਆਂ ਸਨ। ਉਨ੍ਹਾਂ ਨੇ ਪੰਥ ਲਈ ਹਰ ਮੋਰਚੇ 'ਚ ਮੋਹਰੀ ਰੋਲ ਅਦਾ ਕੀਤਾ। ਐਡਵੋਕੇਟ ਧਾਮੀ ਨੇ ਸ. ਤੇਜਾ ਸਿੰਘ ਸਮੁੰਦਰੀ ਵੱਲੋਂ ਨਿਰਸਵਾਰਥ ਭਾਵ ਨਾਲ ਪੰਥ ਲਈ ਕੀਤੀ ਸੇਵਾ ਨੂੰ ਯਾਦ ਕਰਦਿਆਂ ਨੌਜੁਆਨੀ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਸ. ਤੇਜਾ ਸਿੰਘ ਸਮੁੰਦਰੀ ਦੇ ਪੋਤਰੇ ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਲਈ ਵੱਡੇ ਮਾਣ ਵਾਲੀ ਗੱਲ ਹੈ ਕਿ ਉਹ ਸ. ਤੇਜਾ ਸਿੰਘ ਸਮੁੰਦਰੀ ਦੀ ਵਿਰਾਸਤ ਵਿੱਚੋਂ ਹਨ। ਉਨ੍ਹਾਂ ਕਿਹਾ ਕਿ ਸ. ਸਮੁੰਦਰੀ ਨੇ ਹਮੇਸ਼ਾ ਪੰਥ ਦੀ ਗੱਲ ਕੀਤੀ। ਜੇ ਲੋੜ ਪਈ ਤਾਂ ਉਹ ਆਪਣੀ ਜਾਇਦਾਦ ਵੀ ਪੰਥ ਲੇਖੇ ਲਾਉਣ ਤੋਂ ਪਿੱਛੇ ਨਹੀਂ ਹਟੇ। ਉਨ੍ਹਾਂ ਕਿਹਾ ਕਿ ਸ. ਤੇਜਾ ਸਿੰਘ ਸਮੁੰਦਰੀ ਨੇ ਜਿਥੇ ਪੰਥ ਤੇ ਸਮਾਜ ਲਈ ਵੱਡੇ ਕਾਰਜ ਕੀਤੇ ਉਥੇ ਉਨ੍ਹਾਂ ਨੇ ਬੱਚਿਆਂ ਨੂੰ ਸਿੱਖਿਆ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲਾ ਕਰਦਿਆਂ ਸਕੂਲ ਕਾਲਜ ਖੋਲ੍ਹਣ ਲਈ ਵਿਸ਼ੇਸ਼ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਆਪਣੀ ਵਿਰਾਸਤ ਨਾਲ ਜੋੜਨ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ, ਤਾਂ ਜੋ ਉਹ ਆਪਣੇ ਪੁਰਖਿਆਂ ਦੀ ਘਾਲਣਾ ਤੋਂ ਪ੍ਰੇਰਣਾ ਲੈ ਸਕਣ।ਇਸੇ ਦੌਰਾਨ ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅੱਜ ਉਸ ਵਿਰਾਸਤ ਨੂੰ ਯਾਦ ਕੀਤਾ ਜਾ ਰਿਹਾ ਹੈ, ਜਦੋਂ ਗੁਰੂ ਭਰੋਸੇ ਅਤੇ ਪੰਥਕ ਹੌਂਸਲੇ ਨਾਲ ਸਿੱਖਾਂ ਨੇ ਦੁਨੀਆਂ ਵਿਚ ਮੰਨੀ ਜਾਂਦੀ ਵੱਡੀ ਤਾਕਤ ਨੂੰ ਹਰਾਇਆ ਸੀ। ਉਨ੍ਹਾਂ ਕਿਹਾ ਕਿ ਇਹ ਕੌਮੀ ਏਕੇ ਦੀ ਮਿਸਾਲ ਸੀ, ਜਿਸ ਤੋਂ ਅੱਜ ਵੀ ਪ੍ਰੇਰਣਾ ਲੈ ਕੇ ਇਕਜੁਟ ਹੋ ਕੇ ਅੱਗੇ ਵਧਣਾ ਚਾਹੀਦਾ ਹੈ।ਇਸ ਮੌਕ ਸ. ਤੇਜਾ ਸਿੰਘ ਸਮੁੰਦਰੀ ਦੇ ਪਰਿਵਾਰਕ ਮੈਂਬਰ ਸ. ਤਰਨਜੀਤ ਸਿੰਘ ਸੰਧੂ, ਬੀਬੀ ਸਿਮਰਨ ਕੌਰ ਸੰਧੂ, ਬੀਬੀ ਕਿਰਨ ਕੌਰ ਸੰਧੂ, ਸ. ਗੁਰਜੀਤ ਸਿੰਘ ਸੰਧੂ, ਬੀਬੀ ਸੁਨੀਤਾ ਕੌਰ ਸੰਧੂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਸਮਾਗਮ ਮੌਕੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਰਾਜਦੀਪ ਸਿੰਘ, ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਜਸਮੇਰ ਸਿੰਘ ਲਾਛੜੂ, ਭਾਈ ਮਨਜੀਤ ਸਿੰਘ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਅਮਰੀਕਾ ਦੇ ਅਟਾਰਨੀ ਐਟ ਲਾਅ ਸ. ਜਸਪ੍ਰੀਤ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਕਥਾਵਾਚਕ ਗਿਆਨੀ ਜਸਵੰਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਪ੍ਰੀਤਪਾਲ ਸਿੰਘ, ਸ. ਬਿਜੈ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਅਜ਼ਾਦ ਦੀਪ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਡਾ. ਏ.ਪੀ. ਸਿੰਘ, ਡਾ. ਮਨਜੀਤ ਸਿੰਘ ਉੱਪਲ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਅਤੇ ਸੰਗਤਾਂ ਮੌਜੂਦ ਸਨ।

ਸਫਾ 1 ਦੀ ਬਾਕੀ

## ਜਲੰਧਰ 'ਚ ਹਰੀ ਪੱਗ ਬੰਨ੍ਹ ਕੇ ਪਹੁੰਚੇ ਪ੍ਰਧਾਨ ਮੰਤਰੀ ਮੋਦੀ ਦਿਲ,ਡਬਲ...

ਮੇਰੇ ਭੈਣ-ਭਰਾਵਾਂ ਨੂੰ ਬਹੁਤ-ਬਹੁਤ ਵਧਾਈ ਦਿੰਦਾ ਹਾਂ।ਅੱਜ ਭਾਰਤ ਸਰਕਾਰ ਕਨੈਕਟੀਵਿਟੀ ਇਫਰਾਸਟ੍ਰਕਚਰ ਦੇ ਅਨੇਕਾਂ ਅਜਿਹੇ ਪ੍ਰੋਜੈਕਟਾਂ 'ਤੇ ਪੰਜਾਬ ਵਿੱਚ ਕੰਮ ਕਰ ਰਹੀ ਹੈ। ਪੰਜਾਬ ਵਿੱਚ ਭਾਜਪਾ ਦੀ ਸਰਕਾਰ ਨਹੀਂ ਰਹੀ ਪਰ ਸਾਡਾ ਪੰਜਾਬ ਵਿਕਸਿਤ ਹੋਵੇ, ਇਸ ਦੇ ਲਈ ਭਾਜਪਾ ਸਰਕਾਰ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

ਸਫਾ 1 ਦੀ ਬਾਕੀ

## ਸਫਾਈ ਸੇਵਕਾਂ ਦੀ ਹੜਤਾਲ ਜਾਰੀ, ਗੋਨਿਆਣਾ ਮੰਡੀ ਵਿੱਚ ਰੋਸ ਪ੍ਰਦਰਸ਼ਨ..

ਦਾ ਗੁਜ਼ਾਰਾ ਕਰਨਾ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਸਫਾਈ ਵਿਭਾਗ ਵਿੱਚ ਠੇਕੇਦਾਰੀ ਪ੍ਰਣਾਲੀ ਨੂੰ ਖਤਮ ਕਰਕੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਬੰਦ ਕੀਤੀ ਗਈ ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਲਾਗੂ ਕੀਤਾ ਜਾਵੇ।ਅਤੇ ਇਹ ਵੀ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਵੀਕਾਰ ਨਹੀਂ ਕਰਦੀ, ਉਦੋਂ ਤੱਕ ਹੜਤਾਲ ਜਾਰੀ ਰਹੇਗੀ ਅਤੇ ਕੋਈ ਵੀ ਸਫਾਈ ਸੇਵਕ ਆਪਣੇ ਕੰਮ 'ਤੇ ਵਾਪਸ ਨਹੀਂ ਆਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦੀ ਕੋਈ ਠੋਸ ਫ਼ੈਸਲਾ ਨਾ ਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਸੰਬੰਧਿਤ ਵਿਭਾਗ ਦੀ ਹੋਵੇਗੀ।ਰੋਸ ਪ੍ਰਦਰਸ਼ਨ ਦੌਰਾਨ ਸਫਾਈ ਸੇਵਕਾਂ ਨੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਮੰਗਾਂ ਨੂੰ ਤੁਰੰਤ ਮੰਨਣ ਦੀ ਅਪੀਲ ਕੀਤੀ। ਉੱਧਰ, ਸ਼ਹਿਰ ਵਾਸੀਆਂ ਨੇ ਵੀ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਸਫਾਈ ਸੇਵਕਾਂ ਨਾਲ ਜਲਦ ਗੱਲਬਾਤ ਕਰਕੇ ਮਸਲੇ ਦਾ ਹੱਲ ਕੱਢਿਆ ਜਾਵੇ ਤਾਂ ਜੋ ਸ਼ਹਿਰ ਵਿੱਚ ਸਫਾਈ ਪ੍ਰਬੰਧ ਮੁੜ ਪਟੜੀ 'ਤੇ ਆ ਸਕਣ।

## ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਹਰੀ ਪੱਗ ਨਾਲ ਨਹੀਂ ਮਿਟਣਗੀਆਂ ਕਿਸਾਨ ਅੰਦੋਲਨ ਦੀਆਂ ਕੌੜੀਆਂ ਯਾਦਾਂ : ਸ਼ਮਸ਼ੇਰ ਸਿੰਘ ਪੱਧਰੀ

### ਪੰਜਾਬ ਨੇ ਆਪਣੇ ਸੂਬੇ ਅਤੇ ਅਤੀਤ ਵਿੱਚ ਦੇਸ਼ ਲਈ ਸੰਘਰਸ਼ ਕੀਤਾ ਪਰ ਵਿਵਹਾਰ ਪਰਾਇਆਂ ਵਾਲਾ ਹੋਇਆ

ਅੰਮ੍ਰਿਤਸਰ, 17 ਜੁਲਾਈ (ਸੰਧਾ) ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਹਰੀ ਪੱਗ ਬੰਨ੍ਹ ਕੇ ਆਉਣਾ ਇੱਕ ਪ੍ਰਤੀਕਾਤਮਕ ਸੰਦੇਸ਼ ਹੋ ਸਕਦਾ ਹੈ, ਪਰ ਪੰਜਾਬ ਦੇ ਲੋਕਾਂ ਦੇ ਮਨਾਂ ਵਿੱਚ ਅੱਜ ਵੀ ਕਿਸਾਨ ਅੰਦੋਲਨ ਦੀਆਂ ਉਹ ਤਸਵੀਰਾਂ ਤਾਜ਼ਾ ਹਨ ਜਿਨ੍ਹਾਂ ਨੂੰ ਸਿਰਫ਼ ਪਹਿਰਾਵੇ ਨਾਲ ਨਹੀਂ ਮਿਟਾਇਆ ਜਾ ਸਕਦਾ। ਭਾਈ ਪੱਧਰੀ ਨੇ ਕਿਹਾ ਕਿ ਤਿੰਨ ਖੇਤੀ ਕਾਨੂੰਨਾਂ ਖ਼ਿਲਾਫ਼ ਚੱਲੇ ਇਤਿਹਾਸਕ ਕਿਸਾਨ ਅੰਦੋਲਨ ਦੌਰਾਨ ਪੰਜਾਬ ਸਮੇਤ ਦੇਸ਼ ਭਰ ਦੇ ਲੱਖਾਂ ਕਿਸਾਨ ਸੜਕਾਂ 'ਤੇ ਉਤਰੇ। ਉਨ੍ਹਾਂ ਨੇ ਆਪਣੇ ਹੱਕਾਂ ਦੀ ਰਾਖੀ ਲਈ ਮਹੀਨਿਆਂ ਤੱਕ ਕੜਾਕੇ ਦੀ ਠੰਢ, ਭਿਆਨਕ ਗਰਮੀ ਅਤੇ ਮੀਂਹ ਵਿੱਚ ਸੰਘਰਸ਼ ਕੀਤਾ। ਇਸ ਅੰਦੋਲਨ ਦੌਰਾਨ ਸੈਂਕੜੇ ਕਿਸਾਨਾਂ ਦੀਆਂ ਮੌਤਾਂ ਹੋਈਆਂ ਅਤੇ ਅਨੇਕਾਂ ਪਰਿਵਾਰਾਂ ਨੇ ਆਪਣੇ ਪਿਆਰੇ ਗੁਆਏ। ਉਨ੍ਹਾਂ ਕਿਹਾ ਕਿ ਇਨ੍ਹਾਂ ਪਰਿਵਾਰਾਂ ਦਾ ਦਰਦ ਅੱਜ ਵੀ ਪੰਜਾਬ ਦੇ ਦਿਲ ਵਿੱਚ ਵੱਸਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਹਰਿਆਣਾ ਵਿੱਚ ਦਿੱਲੀ ਵੱਲ ਜਾਣ ਵਾਲੇ ਰਸਤਿਆਂ 'ਤੇ ਵੱਡੀਆਂ ਰੋਕਾਂ, ਬੈਰੀਕੇਡ, ਸੀਮੈਂਟ ਦੇ ਬਲਾਕ, ਕੰਡਿਆਲੀ ਤਾਰਾਂ ਅਤੇ ਹੋਰ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਕਿਸਾਨ ਜਥਿਆਂ ਨੂੰ ਰੋਕਣ ਲਈ ਸਖ਼ਤ ਪ੍ਰਬੰਧ ਕੀਤੇ ਗਏ, ਜਿਨ੍ਹਾਂ ਦੀਆਂ ਤਸਵੀਰਾਂ ਅਤੇ ਦ੍ਰਿਸ਼ ਅੱਜ ਵੀ ਲੋਕਾਂ ਦੀ



ਯਾਦ ਵਿੱਚ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਨੇ ਕਿਸਾਨਾਂ ਦੇ ਮਨਾਂ 'ਤੇ ਡੂੰਘਾ ਅਸਰ ਛੱਡਿਆ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਅੱਜ ਜਦੋਂ ਪ੍ਰਧਾਨ ਮੰਤਰੀ ਪੰਜਾਬ ਆ ਕੇ ਹਰੀ ਪੱਗ ਪਹਿਨਦੇ ਹਨ ਤਾਂ ਇਹ ਸਵਾਲ ਸੁਭਾਵਿਕ ਤੌਰ 'ਤੇ ਉੱਠਦਾ ਹੈ ਕਿ ਕੀ ਸਿਰਫ਼ ਪ੍ਰਤੀਕ ਬਦਲਣ ਨਾਲ ਇਤਿਹਾਸ ਦੀਆਂ ਕੌੜੀਆਂ ਯਾਦਾਂ ਮਿਟ ਸਕਦੀਆਂ ਹਨ ? ਪੰਜਾਬ ਦੇ ਲੋਕ ਰੰਗਾਂ ਅਤੇ ਪਹਿਰਾਵਿਆਂ ਸੀਮਿਤ ਨਹੀ ਸਗੋਂ ਨੀਤੀਆਂ, ਫ਼ੈਸਲਿਆਂ ਅਤੇ ਲੋਕ ਹਿੱਤਾਂ ਪ੍ਰਤੀ ਵਚਨਬੱਧਤਾ ਨੂੰ ਵੀ ਮਹੱਤਵ ਦਿੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਸੱਚਮੁੱਚ ਪੰਜਾਬ ਦੇ ਕਿਸਾਨਾਂ ਅਤੇ ਲੋਕਾਂ ਦਾ ਭਰੋਸਾ ਜਿੱਤਣਾ ਚਾਹੁੰਦੀ ਹੈ ਤਾਂ ਇਸ ਲਈ ਪ੍ਰਤੀਕਾਂ ਦੀ ਨਹੀਂ, ਸਗੋਂ ਅਜਿਹੇ ਠੋਸ ਕਦਮਾਂ ਦੀ ਲੋੜ ਹੈ ਜੋ ਕਿਸਾਨਾਂ ਦੀ ਆਮਦਨ, ਫ਼ਸਲਾਂ ਦੀ ਸੁਰੱਖਿਆ, ਨੌਜਵਾਨਾਂ ਦੇ ਭਵਿੱਖ, ਪੰਜਾਬ ਦੇ ਪਾਣੀਆਂ ਅਤੇ ਸੂਬੇ ਦੇ ਆਰਥਿਕ ਹਿੱਤਾਂ ਨੂੰ ਮਜ਼ਬੂਤ ਕਰਨ। ਭਾਈ ਪੱਧਰੀ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਭਾਵਨਾਵਾਂ ਨਾਲ ਨਹੀਂ, ਆਪਣੇ ਤਜ਼ਰਬਿਆਂ ਨਾਲ ਫ਼ੈਸਲਾ ਕਰਦਾ ਹੈ। ਉਹ ਇਹ ਵੀ ਯਾਦ ਰੱਖਦਾ ਹੈ ਕਿ ਕਿਸ ਨੇ ਉਸ ਦੇ ਸੰਘਰਸ਼ ਵੇਲੇ ਉਸ ਦਾ ਸਾਥ ਦਿੱਤਾ ਅਤੇ ਕਿਸ ਸਮੇਂ ਉਸ ਨੂੰ ਰੁਕਾਵਟਾਂ ਦਾ ਸਾਹਮਣਾਂ ਕਰਨਾ ਪਿਆ। ਇਸ ਲਈ ਹਰੀ ਪੱਗ ਪਹਿਨ ਲੈਣ ਨਾਲ ਹੀ ਕਿਸਾਨਾਂ ਦਾ ਭਰੋਸਾ ਨਹੀਂ ਜਿੱਤਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਤੋਂ ਉਮੀਦ ਹੁੰਦੀ ਹੈ ਕਿ ਉਹ ਹਰ ਵਰਗ ਦੇ ਲੋਕਾਂ ਦੇ ਜ਼ਖ਼ਮਾਂ ਨੂੰ ਭਰਨ ਵਾਲੇ ਫ਼ੈਸਲੇ ਲੈਣ। ਪੰਜਾਬ ਦੇ ਲੋਕਾਂ ਨੂੰ ਵੀ ਇਹੀ ਉਮੀਦ ਸੀ ਕਿ ਉਨ੍ਹਾਂ ਨਾਲ ਸੰਵਾਦ, ਸਨਮਾਨ ਅਤੇ ਇਨਸਾਫ਼ ਦੇ ਆਧਾਰ 'ਤੇ ਵਿਹਾਰ ਕੀਤਾ ਜਾਵੇਗਾ, ਨਾ ਕਿ ਸਿਰਫ਼ ਅਜਿਹੇ ਪ੍ਰਤੀਕਾਂ ਰਾਹੀਂ ਜੋ ਲੋਕਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਦੇਖੇ ਜਾਣ।





ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ

ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ ਪ੍ਰਕਾਸ਼ਿਤ ਕੀਤੇ ਜਾ ਰਹੇ ਹਨ ਇਸ਼ਤਿਹਾਰ ਦੇਣ ਲਈ ਹੇਠ ਦਿੱਤੇ ਨੰਬਰ ਤੇ ਸੰਪਰਕ ਕਰੋ।
ਮੋ:99885-37575

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575


Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407
ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਗੋਲਡਨ ਲਾਟਰੀ ਏਜੰਸੀ ਤੋਂ ਨਿਕਲੇ ਦੱਸ ਦੱਸ ਹਜ਼ਾਰ ਦੇ ਤੀਹ ਇਨਾਮ



ਫਤਿਹ ਟਾਈਮਜ਼

ਅੰਮ੍ਰਿਤਸਰ, 17 ਜੁਲਾਈ (ਪ ਪ) ਗੋਲਡਨ ਲਾਟਰੀ ਏਜੰਸੀ ਮਹਾਂ ਸਭਾ ਗੇਟ ਦੇ ਮਾਲਕ ਰਣਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਦੁਕਾਨ ਤੋਂ ਅਨੇਕਾਂ ਹੀ ਲੋਕ ਕਰੋੜਪਤੀ ਅਤੇ ਲੱਖਪਤੀ ਬਣ ਚੁੱਕੇ ਹਨ ਓਸੇ ਲੜੀ ਤਹਿਤ ਇੱਕ ਵਾਰ ਫੇਰ 7 ਰੁਪਏ ਵਾਲੀ ਲਾਟਰੀ ਵਿੱਚੋ 10-10 ਹਜ਼ਾਰ ਦੇ ਤੀਹ ਇਨਾਮ ਜਿਸਦੀ ਕੁੱਲ ਰਕਮ 3 ਲੱਖ ਰੁਪਏ ਬਣਦੀ ਹੈ ਉਹਨਾਂ ਦੀ ਦੁਕਾਨ ਤੋਂ ਨਿਕਲਿਆ ਹੈ ਇਹ ਇਨਾਮ ਨਿਕਲਣ ਨਾਲ ਲੋਕ ਇਸ ਦੁਕਾਨ ਤੇ ਆ ਕੇ ਆਪਣੀਆਂ ਟਿਕਟਾਂ ਕੈਸ਼ ਕਰਵਾ ਰਹੇ ਹਨ ਅਤੇ ਹੁਣ ਇਸ ਦੁਕਾਨ ਤੇ ਪੰਜਾਬ ਸਟੇਟ ਰੱਖੜੀ ਬੰਪਰ ਜਿਸਦਾ ਡਰਾਅ 29 ਅਗਸਤ ਨੂੰ ਨਿਕਲਣਾ ਹੈ ਜਿਸਦਾ ਇਨਾਮ ਪੂਰੇ 7 ਕਰੋੜ ਰੁਪਏ ਦਾ ਹੈ ਅਤੇ ਟਿਕਟ ਦਾ ਮੁੱਲ ਸਿਰਫ 500 ਰੁਪਏ ਹੈ ਵੇਚੀ ਜਾ ਰਹੀ ਹੈ ॥

# ਆਂਗਣਵਾੜੀ ਵਰਕਰ ਅਤੇ ਉਸਦੇ ਬੇਟੇ ਖਿਲਾਫ ਮਾਮਲਾ ਦਰਜ

**ਮਾਮਲਾ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟਰੇਸ਼ਨ ਦੌਰਾਨ ਬਲਾਕ ਚੋਹਲਾ ਸਾਹਿਬ 'ਚ ਘਪਲੇ ਦਾ।**

ਫਤਿਹ ਟਾਈਮਜ਼

ਤਰਨ ਤਾਰਨ, 17 ਜੁਲਾਈ (ਫ.ਟ.ਬ) ਸੂਬੇ 'ਚ ਪਹਿਲੀ ਜੁਲਾਈ ਤੋਂ ਲਾਗੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟਰੇਸ਼ਨ ਦੌਰਾਨ ਬਲਾਕ ਚੋਹਲਾ ਸਾਹਿਬ 'ਚ ਘਪਲੇ ਦਾ ਮਾਮਲਾ ਸਾਹਮਣੇ ਆਇਆ ਹੈ। ਖਡੂਰ ਸਾਹਿਬ ਹਲਕੇ ਨਾਲ ਸਬੰਧਤ ਰਜਿਸਟਰਡ 62 ਔਰਤਾਂ ਦਾ ਬੈਂਕ ਖਾਤਾ ਨੰਬਰ ਇੱਕੋ ਨਿਕਲਿਆ। ਇਹ ਖੁਲਾਸਾ ਉਦੋਂ ਹੋਇਆ ਜਦੋਂ ਉਕਤ ਔਰਤਾਂ ਦੇ ਦਸਤਾਵੇਜ਼ਾਂ ਦੀ ਰਜਿਸਟਰੇਸ਼ਨ ਤੋਂ ਬਾਅਦ ਜਾਂਚ ਕੀਤੀ ਗਈ। ਹਲਚਲ ਹੁੰਦੇ ਹੀ ਵਿਭਾਗ ਨੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਜਿਸ ਤੋਂ ਬਾਅਦ ਆਂਗਣਵਾੜੀ ਵਰਕਰ ਅਤੇ ਉਸਦੇ ਬੇਟੇ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਜ਼ਿਲ੍ਹਾ ਤਰਨਤਾਰਨ ਦੇ ਪਿੰਡ ਭੈਲ ਢਾਏਵਾਲਾ ਨਾਲ ਸਬੰਧਤ ਆਂਗਣਵਾੜੀ ਵਰਕਰ ਜਤਿੰਦਰ ਕੌਰ ਨੂੰ ਹੋਰਨਾਂ ਵਰਕਰਾਂ ਵਾਂਗ ਔਰਤਾਂ ਦੀ ਰਜਿਸਟ੍ਰੇਸ਼ਨ ਲਈ ਡਿਊਟੀ 'ਤੇ ਲਾਇਆ ਗਿਆ। ਆਂਗਣਵਾੜੀ ਵਰਕਰ ਜਤਿੰਦਰ ਕੌਰ ਨੇ ਰਜਿਸਟ੍ਰੇਸ਼ਨ ਕਰਦੇ ਸਮੇਂ 62 ਔਰਤਾਂ ਦੇ ਦਸਤਾਵੇਜ਼ ਠੀਕ ਕੀਤੇ ਤੇ ਉਨ੍ਹਾਂ ਨੂੰ ਸਿਰਫ਼ ਇਕ ਬੈਂਕ ਖਾਤਾ ਨੰਬਰ ਦਿੱਤਾ। ਇਹ ਖਾਤਾ ਕਿਸੇ ਹੋਰ ਦਾ ਨਹੀਂ, ਸਗੋਂ ਆਂਗਣਵਾੜੀ ਵਰਕਰ ਦੇ ਪੁੱਤਰ ਗੁਰਬਾਜ਼ ਸਿੰਘ ਦਾ ਦੱਸਿਆ ਜਾਂਦਾ ਹੈ। ਚੰਡੀਗੜ੍ਹ ਬੈਠੇ ਸਬੰਧਤ ਵਿਭਾਗ ਦੇ ਬਾਬੂਆਂ ਨੇ ਜਦੋਂ ਰਜਿਸਟ੍ਰੇਸ਼ਨ ਦੇ ਮਾਮਲੇ 'ਤੇ ਵੈਰੀਫਿਕੇਸ਼ਨ ਕੀਤੀ ਤਾਂ ਹਲਚਲ ਮਚ ਗਈ ਕਿਉਂਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਦੌਰਾਨ 62 ਔਰਤਾਂ ਦੇ ਇੱਕੋ ਬੈਂਕ ਖਾਤੇ ਨਾਲ ਰਜਿਸਟਰੇਸ਼ਨ ਹੋਣ ਦਾ ਮਾਮਲਾ ਸਭ ਨੂੰ ਹੈਰਾਨ ਕਰ ਰਿਹਾ ਹੈ। ਵਿਭਾਗ ਨੇ ਇਸ ਮਾਮਲੇ ਦਾ ਤੁਰੰਤ ਨੋਟਿਸ ਲਿਆ ਹੈ। ਚੰਡੀਗੜ੍ਹ ਤੋਂ ਲੈ ਕੇ ਡਿਪਟੀ ਕਮਿਸ਼ਨਰ ਦਫ਼ਤਰ ਤੱਕ ਘੰਟੀਆਂ ਵੱਜੀਆਂ। ਬਾਅਦ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਸਥਾਨਕ ਪੱਧਰ 'ਤੇ ਜਾਂਚ ਸ਼ੁਰੂ ਕਰ ਦਿੱਤੀ ਅਤੇ ਪੁਲਿਸ ਨੂੰ ਪੱਤਰ ਲਿਖ ਕੇ ਅਗਲੀ ਕਾਰਵਾਈ ਕਰਨ ਲਈ ਕਿਹਾ। ਸੂਤਰਾਂ ਦੀ ਮੰਨੀਏ ਤਾਂ ਪਹਿਲੀ ਜਾਂਚ ਵਿਚ ਸਾਹਮਣੇ ਆ ਰਿਹਾ ਹੈ ਕਿ ਆਂਗਣਵਾੜੀ ਵਰਕਰ ਜਤਿੰਦਰ ਕੌਰ ਨੇ ਆਪਣਾ ਪਾਸਵਰਡ ਆਪਣੇ ਪੁੱਤਰ ਗੁਰਬਾਜ਼ ਸਿੰਘ ਨਾਲ ਸਾਂਝਾ ਕੀਤਾ ਸੀ। ਜਿਸ ਨੇ ਘਰ-ਘਰ ਜਾ ਕੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਕੁੱਲ 62 ਔਰਤਾਂ ਦੀ ਰਜਿਸਟ੍ਰੇਸ਼ਨ ਕਰਵਾਈ ਤੇ ਰਜਿਸਟ੍ਰੇਸ਼ਨ ਪ੍ਰਕਿਰਿਆ 'ਚ ਆਪਣਾ ਨਿੱਜੀ ਬੈਂਕ ਖਾਤਾ ਸਾਂਝਾ ਕੀਤਾ। ਬਲਾਕ ਚੋਹਲਾ ਸਾਹਿਬ ਦੀ ਸੀਡੀਪੀਓ ਨਿਵੇਦਿਤਾ ਦੀ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਗੋਇੰਦਵਾਲ ਸਾਹਿਬ 'ਚ ਸ਼ੁੱਕਰਵਾਰ ਨੂੰ ਕੇਸ ਦਰਜ ਕੀਤਾ ਗਿਆ ਸੀ। ਐੱਸਐੱਸਪੀ ਸੁਰਿੰਦਰ ਲਾਂਬਾ ਦਾ ਕਹਿਣਾ ਹੈ ਕਿ ਗੋਇੰਦਵਾਲ ਸਾਹਿਬ ਥਾਣਾ ਇੰਚਾਰਜ ਬਲਜੀਤ ਕੌਰ ਵੱਲੋਂ ਮੁਲਜ਼ਮ ਆਂਗਣਵਾੜੀ ਵਰਕਰ ਜਤਿੰਦਰ ਕੌਰ ਅਤੇ ਉਸ ਦੇ ਪੁੱਤਰ ਗੁਰਬਾਜ਼ ਸਿੰਘ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

**ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ।**

# ਬਚਤ ਅਤੇ ਨਿਵੇਸ਼ ਦੀ ਤਾਕਤ

ਫਤਿਹ ਟਾਈਮਜ਼

(ਲੜੀਵਾਰ ਲੇਖ ਕਿਸ਼ਤ 3)

ਬਚਤ ਦੀ ਆਦਤ ਪਾਉਣ ਲਈ ਵੱਡੀ ਆਮਦਨ ਦੀ ਲੋੜ ਨਹੀਂ ਹੁੰਦੀ। ਇਹ ਸਮਝਦਾਰੀ ਨਾਲ ਬਜਟ ਬਣਾਉਣ, ਲੋੜਾਂ ਅਤੇ ਇੱਛਾਵਾਂ ਵਿੱਚ ਫ਼ਰਕ ਸਮਝਣ, ਗੈਰ-ਜ਼ਰੂਰੀ ਖ਼ਰਚਿਆਂ ਤੋਂ ਬਚਣ ਅਤੇ ਹਰ ਮਹੀਨੇ ਆਮਦਨ ਦਾ ਇੱਕ ਨਿਸ਼ਚਿਤ ਹਿੱਸਾ ਪਹਿਲਾਂ ਹੀ ਬਚਾਉਣ ਨਾਲ ਸ਼ੁਰੂ ਹੁੰਦੀ ਹੈ। ਵਿੱਤੀ ਮਾਹਿਰਾਂ ਦਾ ਸੁਝਾਅ ਹੈ ਕਿ ਪਹਿਲਾਂ ਆਪਣੇ ਲਈ ਬਚਤ ਕਰੋ ਦੇ ਸਿਧਾਂਤ ਨੂੰ ਅਪਣਾਇਆ ਜਾਵੇ। ਨਿਯਮਿਤ ਅਤੇ ਅਨੁਸ਼ਾਸਿਤ ਢੰਗ ਨਾਲ ਕੀਤੀ ਗਈ ਛੋਟੀ ਬਚਤ ਵੀ ਸਮੇਂ ਦੇ ਨਾਲ ਅਸਾਧਾਰਣ ਨਤੀਜ਼ੇ ਦੇ ਸਕਦੀ ਹੈ।

ਸਫ਼ਲ ਨਿਵੇਸ਼ ਲਈ ਵਿੱਤੀ ਸਾਖਰਤਾ ਬਹੁਤ ਜ਼ਰੂਰੀ ਹੈ। ਹਰ ਵਿਅਕਤੀ ਨੂੰ ਜੋਖ਼ਮ, ਵਿਭਿੰਨਤਾ, ਮਹਿੰਗਾਈ ਅਤੇ ਲੰਬੀ ਮਿਆਦ ਦੀ ਯੋਜਨਾਬੰਦੀ ਵਰਗੀਆਂ ਬੁਨਿਆਦੀ ਧਾਰਣਾਵਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ। ਆਪਣੇ ਨਿਵੇਸ਼ ਨੂੰ ਵੱਖ-ਵੱਖ ਸਾਧਨਾਂ ਵਿੱਚ ਵੰਡਣਾ ਜੋਖ਼ਮ ਨੂੰ ਘੱਟਾਉਂਦਾ ਹੈ ਅਤੇ ਵਿੱਤੀ ਸਥਿਰਤਾ ਨੂੰ ਵੱਧਾਉਂਦਾ ਹੈ। ਇਸਦੇ ਨਾਲ ਹੀ ਗੈਰ-ਵਾਜਬ ਅਤੇ ਅਸਾਧਾਰਨ ਮੁਨਾਫ਼ੇ ਦੇ ਲਾਲਚ ਵਾਲੀਆਂ




ਯੋਜਨਾਵਾਂ ਤੋਂ ਸਾਵਧਾਨ ਰਹਿਣਾ ਵੀ ਬਹੁਤ ਜ਼ਰੂਰੀ ਹੈ।

ਮਾਪਿਆਂ ਅਤੇ ਸਕੂਲਾਂ ਦੀ ਵੀ ਇਹ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਧਨ ਦੀ ਮਹੱਤਤਾ, ਬਜਟ ਬਣਾਉਣ, ਸਬਰ ਨਾਲ ਫ਼ੈਸਲੇ ਲੈਣ ਅਤੇ ਜ਼ਿੰਮੇਵਾਰ ਨਿਵੇਸ਼ ਬਾਰੇ ਸਿੱਖਿਆ ਦੇਣ। ਵਿੱਤੀ ਤੌਰ 'ਤੇ ਜਾਗਰੂਕ ਨਾਗਰਿਕ ਨਾ ਸਿਰਫ਼ ਆਪਣਾ ਭਵਿੱਖ (ਚਲਦਾ) ਸੁਰੱਖਿਅਤ ਬਣਾਉਂਦੇ ਹਨ, ਸਗੋਂ ਦੇਸ਼ ਦੀ ਆਰਥਿਕ ਤਰੱਕੀ ਅਤੇ ਸਮਾਜਿਕ ਸਥਿਰਤਾ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।

ਅੰਤ ਵਿੱਚ ਇਹ ਕਿਹਾ ਜਾ ਸਕਦਾ ਹੈ ਕਿ ਬਚਤ ਸਾਨੂੰ ਸੁਰੱਖਿਆ ਦਿੰਦੀ ਹੈ ਅਤੇ ਨਿਵੇਸ਼ ਸਾਨੂੰ ਮੌਕੇ ਪ੍ਰਦਾਨ ਕਰਦਾ ਹੈ। ਦੋਵੇਂ ਮਿਲ ਕੇ ਵਿੱਤੀ ਸੁਤੰਤਰਤਾ, ਆਤਮ-ਵਿਸ਼ਵਾਸ ਅਤੇ ਮਜ਼ਬੂਤ ਭਵਿੱਖ ਦੀ ਨੀਂਹ ਰੱਖਦੇ ਹਨ। ਇਹ ਸਾਨੂੰ ਅਣਨਿਸ਼ਚਿਤ ਹਾਲਾਤਾਂ ਦਾ ਸਾਹਮਣਾ ਕਰਨ, ਆਪਣੇ ਸੁਪਨੇ ਸਾਕਾਰ ਕਰਨ ਅਤੇ ਸਨਮਾਨ ਨਾਲ ਬੁਢਾਪਾ ਬਿਤਾਉਣ ਦੀ ਤਾਕਤ ਦਿੰਦੇ ਹਨ। ਅੱਜ ਦੇ ਆਰਥਿਕ ਤੌਰ 'ਤੇ ਅਨਿਸ਼ਚਿਤ ਅਤੇ ਤੇਜ਼ੀ ਨਾਲ ਬਦਲਦੇ ਯੁੱਗ ਵਿੱਚ ਬਚਤ ਅਤੇ ਸਮਝਦਾਰੀ ਨਾਲ ਕੀਤਾ ਗਿਆ ਨਿਵੇਸ਼ ਕੋਈ ਵਿਕਲਪ ਨਹੀਂ, ਸਗੋਂ ਹਰ ਵਿਅਕਤੀ ਲਈ ਇੱਕ ਅਟੱਲ ਲੋੜ ਹੈ। ਇੱਕ ਖੁਸ਼ਹਾਲ ਭਵਿੱਖ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਕਿੰਨਾ ਕਮਾਉਂਦੇ ਹਾਂ ਨਹੀਂ, ਸਗੋਂ ਇਸ ਗੱਲ 'ਤੇ ਕਿ ਅਸੀਂ ਆਪਣੀ ਕਮਾਈ ਨੂੰ ਕਿੰਨੀ ਸਮਝਦਾਰੀ ਨਾਲ ਬਚਾਉਂਦੇ, ਨਿਵੇਸ਼ ਕਰਦੇ ਅਤੇ ਭਵਿੱਖ ਲਈ ਯੋਜਨਾਬੱਧ ਕਰਦੇ ਹਾਂ। (ਸਮਾਪਤ)



ਲੇਖਕ:
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।

## 17 ਜੁਲਾਈ ਸ਼ਤਾਬਦੀ ਬਰਸੀ 'ਤੇ ਵਿਸ਼ੇਸ਼

# ਮੈਂ ਮਰਾਂ, ਪੰਥ ਜੀਵੇ : ਸਰਦਾਰ ਤੇਜਾ ਸਿੰਘ ਸਮੁੰਦਰੀ

ਫਤਿਹ ਟਾਈਮਜ਼

(ਲੜੀਵਾਰ ਲੇਖ ਕਿਸ਼ਤ 2)

ਨਨਕਾਣਾ ਸਾਹਿਬ ਸਾਕੇ ਮਗਰੋਂ ਬਣੀ ਪਹਿਲੀ ਪ੍ਰਬੰਧਕ ਕਮੇਟੀ ਦੇ ਉਹ ਮੈਂਬਰ ਰਹੇ ਅਤੇ ਦਰਬਾਰ ਸਾਹਿਬ ਤੋਸ਼ਾਖਾਨਾ ਮੋਰਚੇ ਦੌਰਾਨ ਕੈਦ ਵੀ ਭੁਗਤੀ। 1921-22 ਦੇ ਗੁਰੂ ਕੇ ਬਾਗ਼ ਅੰਦੋਲਨ ਵੇਲੇ ਸ਼੍ਰੋਮਣੀ ਕਮੇਟੀ ਦੀ ਐਕਸ਼ਨ ਕੌਂਸਲ ਦੇ ਚੇਅਰਮੈਨ ਵਜੋਂ ਉਨ੍ਹਾਂ ਨੇ ਬ੍ਰਿਟਿਸ਼ ਦਮਨ ਦੇ ਬਾਵਜੂਦ ਅਹਿੰਸਕ ਸੰਘਰਸ਼ ਨੂੰ ਅਨੁਸ਼ਾਸਨ ਨਾਲ ਚਲਾਇਆ।

'ਅਕਾਲੀ' ਅਖ਼ਬਾਰ 'ਤੇ 40 ਹਜ਼ਾਰ ਰੁਪਏ ਦਾ ਜੁਰਮਾਨਾ ਲੱਗਣ 'ਤੇ ਉਸ ਨੂੰ ਬੰਦ ਹੋਣ ਤੋਂ ਬਚਾਉਣ ਲਈ ਉਨ੍ਹਾਂ ਨੇ ਆਪਣੀ ਇੱਕ ਮੁਰੱਬਾ ਜ਼ਮੀਨ ਜ਼ਮਾਨਤ ਵਜੋਂ ਪੇਸ਼ ਕਰ ਦਿੱਤੀ। ਇਸੇ ਤਰ੍ਹਾਂ ਨਾਭਾ ਅੰਦੋਲਨ ਨਾਲ ਸੰਬੰਧਿਤ ਪ੍ਰੀਵੀ ਕੌਂਸਲ ਦੀ ਅਪੀਲ ਲਈ ਲੋੜੀਂਦੀ ਰਕਮ ਇਕੱਠੀ ਕਰਨ ਵਾਸਤੇ ਉਨ੍ਹਾਂ ਨੇ ਆਪਣੀ ਲਗਭਗ 50 ਏਕੜ ਜ਼ਮੀਨ ਗਿਰਵੀ ਰੱਖ ਦਿੱਤੀ। ਮੁਕੱਦਮਾ ਜਿੱਤਣ ਮਗਰੋਂ ਕਮੇਟੀ ਨੇ ਰਕਮ ਵਾਪਸ ਕਰਨੀ ਚਾਹੀ, ਪਰ ਉਨ੍ਹਾਂ ਦੇ ਪਰਿਵਾਰ ਨੇ ਉਹ ਵੀ ਪੰਥ ਨੂੰ ਸਮਰਪਿਤ ਕਰ ਦਿੱਤੀ।

ਅੰਦੋਲਨਕਾਰੀਆਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਉਨ੍ਹਾਂ ਨੇ 'ਸਿੱਖ ਦੇਸ਼ ਭਗਤ ਪਰਿਵਾਰ ਸਹਿਯੋਗ ਕਮੇਟੀ' ਦੀ ਸਥਾਪਨਾ ਕੀਤੀ, ਜਿਸ ਦਾ ਵਿਸਤਾਰ ਬਾਅਦ ਵਿੱਚ 'ਦੇਸ਼ ਭਗਤ ਪਰਿਵਾਰ ਸਹਿਯੋਗ ਕਮੇਟੀ' ਵਜੋਂ ਹੋਇਆ। ਅੱਜ ਜਲੰਧਰ ਦਾ ਦੇਸ਼ ਭਗਤ ਯਾਦਗਾਰ ਹਾਲ ਉਸ ਸੇਵਾ ਦੀ ਯਾਦ ਨੂੰ ਜੀਵੰਤ ਰੱਖਦਾ ਹੈ। 17 ਜੂਨ 1923 ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਅੰਮ੍ਰਿਤ ਸਰੋਵਰ ਦੀ ਕਾਰ ਸੇਵਾ ਸ਼ੁਰੂ ਹੋਈ ਤਾਂ ਸਰਦਾਰ ਤੇਜਾ ਸਿੰਘ ਸਮੁੰਦਰੀ ਪੰਜ ਪਿਆਰਿਆਂ ਵਿੱਚ ਸ਼ਾਮਲ ਸਨ।

ਗੁਰਦੁਆਰਿਆਂ ਦੀ ਆਜ਼ਾਦੀ ਤੋਂ ਲੈ ਕੇ ਜੈਤੋ ਮੋਰਚੇ ਤੱਕ ਹਰ ਸੰਘਰਸ਼ ਵਿੱਚ ਉਹ



ਮੋਹਰੀ ਰਹੇ। 12 ਅਕਤੂਬਰ 1923 ਨੂੰ ਜਦੋਂ ਅੰਗਰੇਜ਼ ਸਰਕਾਰ ਨੇ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ 'ਤੇ ਪਾਬੰਦੀ ਲਗਾਈ, ਤਾਂ ਗ੍ਰਿਫ਼ਤਾਰ ਕੀਤੇ ਗਏ ਪ੍ਰਮੁੱਖ ਸਿੱਖ ਆਗੂਆਂ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਨਾਮ ਸਭ ਤੋਂ ਅੱਗੇ ਸੀ।

ਅੰਗਰੇਜ਼ ਸਰਕਾਰ ਗੁਰਦੁਆਰਾ ਸੁਧਾਰ ਲਹਿਰ ਨੂੰ ਭਾਰਤ ਦੀ ਆਜ਼ਾਦੀ ਦੀ ਲਹਿਰ ਨਾਲ ਜੁੜਿਆ ਅੰਦੋਲਨ ਮੰਨਦੀ ਸੀ। ਇਸੇ ਲਈ ਸਰਦਾਰ ਸਮੁੰਦਰੀ ਸਮੇਤ 56 ਪ੍ਰਮੁੱਖ ਸਿੱਖ ਆਗੂਆਂ ਨੂੰ ਕੈਦ ਕੀਤਾ ਗਿਆ। ਅੰਤ ਵਿੱਚ ਸੰਘਰਸ਼ ਕਾਮਯਾਬ ਹੋਇਆ ਅਤੇ ਸਰਕਾਰ ਨੇ 1925 ਨੂੰ ਸਿੱਖ ਗੁਰਦੁਆਰਾ ਐਕਟ, ਰਾਹੀਂ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪਣ ਦੀ ਕਵਾਇਦ ਸ਼ੁਰੂ ਕੀਤੀ।

ਸਿੱਖ ਆਗੂਆਂ ਨੇ ਇਸ ਐਕਟ ਵਿੱਚ ਤਿੰਨ ਮਹੱਤਵਪੂਰਨ ਸੋਧਾਂ ਕਰਵਾਈਆਂ—ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਕੋਲ ਰਹੇ; ਸਿੱਖ ਬੀਬੀਆਂ ਨੂੰ ਵੋਟ ਦਾ ਅਧਿਕਾਰ ਮਿਲੇ; ਇਹ ਉਸ ਸਮੇਂ ਦਾ ਅਸਾਧਾਰਨ ਕਦਮ ਸੀ, ਜਦੋਂ ਭਾਰਤ ਤਾਂ ਦੂਰ, ਇੰਗਲੈਂਡ ਵਿੱਚ ਵੀ ਇਸਤਰੀਆਂ ਨੂੰ ਪੂਰੇ ਵੋਟ ਅਧਿਕਾਰ ਪ੍ਰਾਪਤ ਨਹੀਂ ਹੋਏ ਸਨ ਅਤੇ ਗੁਰਦੁਆਰਿਆਂ ਦੀ ਆਮਦਨ ਧਰਮ, ਸਿੱਖਿਆ ਅਤੇ ਦਾਨ-ਪੁੰਨ ਦੇ ਕਾਰਜਾਂ ਲਈ ਵੀ ਵਰਤੀ ਜਾਵੇ। ਇਨ੍ਹਾਂ ਸੋਧਾਂ ਤੋਂ ਬਾਅਦ ਸਰਕਾਰ ਨੇ ਸਿੱਖ ਗੁਰਦੁਆਰਾ ਐਕਟ ਪਾਸ ਕਰਕੇ ਲਾਗੂ ਕੀਤਾ।

ਐਕਟ ਨੂੰ ਸਵੀਕਾਰ ਕਰਨ ਦੀ ਸ਼ਰਤ 'ਤੇ ਜੇਲ੍ਹ ਵਿੱਚ ਬੰਦ 31 ਪ੍ਰਮੁੱਖ ਸਿੱਖ ਆਗੂਆਂ ਵਿੱਚੋਂ ਕਰੀਬ 20 ਨੂੰ ਰਿਹਾ ਕਰ ਦਿੱਤਾ ਗਿਆ, ਪਰ ਸਰਦਾਰ ਤੇਜਾ ਸਿੰਘ ਸਮੁੰਦਰੀ, ਮਾਸਟਰ ਤਾਰਾ ਸਿੰਘ ਸਮੇਤ 11 ਸੀਨੀਅਰ ਆਗੂਆਂ ਨੇ ਸਰਕਾਰ ਨਾਲ ਸਮਝੌਤਾ ਕਰਨ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਦਾ ਮੰਨਣਾ ਸੀ ਕਿ ਲੰਬੇ ਅਤੇ ਖ਼ੂਨੀ ਗੁਰਦੁਆਰਾ ਸੁਧਾਰ ਸੰਘਰਸ਼ ਨਾਲ ਭਾਵੇਂ ਮਹੰਤਸ਼ਾਹੀ ਦਾ ਅੰਤ ਹੋ ਗਿਆ ਸੀ, ਪਰ ਇਸ ਐਕਟ ਰਾਹੀਂ ਸਰਕਾਰ ਅਸਿੱਧੇ ਤੌਰ 'ਤੇ ਗੁਰਦੁਆਰਾ ਪ੍ਰਬੰਧ 'ਤੇ ਆਪਣਾ ਪ੍ਰਭਾਵ ਕਾਇਮ ਰੱਖਣਾ ਚਾਹੁੰਦੀ ਸੀ।

ਇਸੇ ਦੌਰਾਨ 17 ਜੁਲਾਈ 1926 ਨੂੰ ਲਾਹੌਰ ਜੇਲ੍ਹ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਰਹੱਸਮਈ ਹਾਲਾਤਾਂ ਵਿੱਚ ਸ਼ਹਾਦਤ ਹੋ ਗਈ। ਬਾਬਾ ਖੜਕ ਸਿੰਘ ਅਤੇ ਸੇਵਾ ਸਿੰਘ ਠੀਕਰੀਵਾਲਾ ਤੋਂ ਇਲਾਵਾ ਬਾਕੀ ਆਗੂ ਸਤੰਬਰ 1926 ਵਿੱਚ ਰਿਹਾ ਕਰ ਦਿੱਤੇ ਗਏ। ਗੁਰਦੁਆਰਾ ਐਕਟ ਲਾਗੂ ਹੋਣ ਮਗਰੋਂ 1926 ਵਿੱਚ ਹੋਈਆਂ ਪਹਿਲੀਆਂ ਚੋਣਾਂ ਵਿੱਚ ਸ. ਸਮੁੰਦਰੀ ਦੀ ਪੰਥ-ਪ੍ਰਸਤ ਧਿਰ ਦੀ ਜਿੱਤ ਨੂੰ ਪੰਥ ਵੱਲੋਂ ਉਨ੍ਹਾਂ ਦੀ ਸ਼ਹਾਦਤ ਪ੍ਰਤੀ ਸੱਚੀ ਸ਼ਰਧਾਂਜਲੀ ਮੰਨਿਆ ਗਿਆ। ਜਦਕਿ ਬ੍ਰਿਟਿਸ਼ ਸਰਕਾਰ ਦੀਆਂ ਗੁਪਤ ਰਿਪੋਰਟਾਂ ਨੇ ਮੰਨਿਆ ਕਿ ਉਨ੍ਹਾਂ ਦੀ ਮੌਤ ਭਵਿੱਖ ਦੇ ਕ੍ਰਾਂਤੀਕਾਰੀਆਂ ਨੂੰ ਪ੍ਰੇਰਿਤ ਕਰੇਗੀ।

ਸਰਦਾਰ ਸਮੁੰਦਰੀ ਦੀ ਅਗਵਾਈ ਨੇ ਸਿੱਖਾਂ ਬਾਰੇ ਬਸਤੀਵਾਦੀ ਧਾਰਨਾ ਨੂੰ ਬਦਲ ਦਿੱਤਾ। ਗੁਰਦੁਆਰਾ ਸੁਧਾਰ ਲਹਿਰ ਨੇ ਸਾਬਤ ਕੀਤਾ ਕਿ ਸਿੱਖ ਸ਼ਾਂਤਮਈ, ਅਨੁਸ਼ਾਸਿਤ ਅਤੇ ਅਹਿੰਸਕ ਸੰਘਰਸ਼ ਰਾਹੀਂ ਵੀ ਅਨਿਆਂ ਨੂੰ ਮਾਤ ਦੇ ਸਕਦੇ ਹਨ। ਇਤਿਹਾਸਕ ਗੁਰਦੁਆਰਿਆਂ ਦੀ ਆਜ਼ਾਦੀ ਮਗਰੋਂ ਮਹਾਤਮਾ ਗਾਂਧੀ ਨੇ ਇਸ ਨੂੰ "ਆਜ਼ਾਦੀ ਦੀ ਪਹਿਲੀ ਲੜਾਈ ਦੀ ਜਿੱਤ" ਕਿਹਾ ਸੀ।

ਸਰਦਾਰ ਸਮੁੰਦਰੀ ਨੇ ਅਕਾਲੀ ਲਹਿਰ ਦੇ ਨਾਲ-ਨਾਲ ਕਾਂਗਰਸ ਰਾਹੀਂ ਭਾਰਤ ਦੀ ਆਜ਼ਾਦੀ ਦੀ ਲਹਿਰ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ। ਉਨ੍ਹਾਂ ਨੇ ਸਮੁੰਦਰੀ ਵਿਖੇ ਕਾਂਗਰਸ ਦਾ ਵਿਸ਼ਾਲ ਜਲਸਾ ਕਰਵਾਇਆ ਅਤੇ ਸੁਤੰਤਰਤਾ ਅੰਦੋਲਨ ਵਿੱਚ ਵੀ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ।

ਸਿੱਖਿਆ ਦੇ ਖੇਤਰ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਅਸਾਧਾਰਣ ਰਿਹਾ। ਉਨ੍ਹਾਂ ਨੇ ਲਾਇਲਪੁਰ ਖ਼ਾਲਸਾ ਹਾਈ ਸਕੂਲ, ਬਾਰ ਖ਼ਾਲਸਾ ਹਾਈ ਸਕੂਲ, ਸਮੁੰਦਰੀ ਖ਼ਾਲਸਾ ਮਿਡਲ ਸਕੂਲ ਅਤੇ ਸਰਹਾਲੀ ਦੇ ਗੁਰੂ ਗੋਬਿੰਦ ਸਿੰਘ ਹਾਈ ਸਕੂਲ ਦੀ ਸਥਾਪਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਸੁਭਾਅ ਬੇਹੱਦ ਮਿਲਾਪੜਾ, ਨਿਮਰ ਅਤੇ ਉਦਾਰ ਸੀ। ਉਹ ਸਮਾਜਿਕ ਬਰਾਬਰੀ ਦੇ ਪ੍ਰਬਲ ਹਮਾਇਤੀ ਸਨ। ਇਕ ਵਾਰ ਰਵਿਦਾਸੀਆ ਸਿੱਖ ਹਰਦਿਆਲ ਸਿੰਘ ਨੂੰ ਸਾਂਝੇ ਖੂਹ ਤੋਂ ਪਾਣੀ ਭਰਨ ਤੋਂ ਰੋਕਣ ਦੀ ਘਟਨਾ ਵਿੱਚ ਉਨ੍ਹਾਂ ਨੇ ਖ਼ੁਦ ਉਸ ਦੇ ਹੱਥੋਂ ਪਾਣੀ ਪੀ ਕੇ ਜਾਤ-ਪਾਤ ਦੇ ਭੇਦ ਨੂੰ ਵਿਵਹਾਰਕ ਤੌਰ 'ਤੇ ਚੁਣੌਤੀ ਦਿੱਤੀ ਅਤੇ ਗੁਰਮਤਿ ਅਨੁਸਾਰ ਸਮਾਨਤਾ ਦਾ ਸੰਦੇਸ਼ ਦਿੱਤਾ। (ਸਮਾਪਤ)



ਲੇਖਕ:
ਪ੍ਰੋ: ਸਰਚਾਂਦ ਸਿੰਘ ਖਿਆਲਾ,
ਫ਼ੋਨ : 9781355522

# ਸਿਹਤ ਵਿਭਾਗ ਵੱਲੋਂ "ਹਰ ਸ਼ੁਕਰਵਾਰ ਡੇਂਗੂ ਤੇ ਵਾਰ" ਮੁਹਿੰਮ ਤਹਿਤ ਸ਼ਹਿਰ ਭਰ ਵਿਚ ਐਂਟੀ ਲਾਰਵਾ ਗਤੀਵਿਧੀਆ, ਸਪਰੇਅ, ਫੌਗਿੰਗ ਅਤੇ ਜਾਗਰੂਕਤਾ ਲਈ ਟੀਮਾਂ ਰਵਾਨਾ



ਅੰਮ੍ਰਿਤਸਰ, 17 ਜੁਲਾਈ (ਪ ਪ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਐਂਟੀ ਲਾਰਵਾ ਗਤੀਵਿਧੀਆਂ, ਫੌਗਿੰਗ, ਸਪਰੇ ਅਤੇ ਜਾਗਰੂਕਤਾ ਲਈ ਟੀਮਾਂ ਰਵਾਨਾ ਕੀਤੀਆਂ ਗਈਆਂ। ਇਹ ਟੀਮਾਂ ਸ਼ਹਿਰ ਭਰ ਵਿੱਚ ਹੋਟ ਸਪੋਟ ਇਲਾਕਿਆਂ ਵਿੱਚ ਜਾ ਕੇ ਜਾਗਰੂਕਤਾ ਗਤੀਵਿਧੀਆਂ ਦੇ ਨਾਲ ਨਾਲ ਫੋਗਿੰਗ ਅਤੇ ਸਪਰੇ ਵੀ ਕਰ ਰਹੀਆ ਹਨ। ਇਸ ਮੌਕੇ ਤੇ ਸਿਵਲ ਹਸਪਤਾਲ, ਰਾਮ ਬਾਗ, ਜਹਾਜਗੜ, ਪੁਤਲੀਘਰ, ਮਜੀਠਾ ਰੋਡ, ਰੋਡਵੇਜ, ਭਗਤਾਂਵਾਲਾ ਆਦਿ ਦੇ ਹੋਟ ਸਪੋਟ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਡੇਂਗੂ ਪ੍ਰਤੀ ਸੁਚੇਤ ਕੀਤਾ ਗਿਆ।ਇਸ ਅਵਸਰ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਰਸ਼ਮੀ ਵਿੱਜ ਨੇ ਕਿਹਾ ਕਿ ਆਉਣ ਵਾਲੇ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸੱਭ ਦੀ ਇਹ ਜਿੰਮੇਵਾਰੀ ਬਣਦੀ ਹੈ, ਕਿ ਮੱਛਰ ਦੀ ਪੈਦਾਵਰ ਨੂੰ ਰੋਕਿਆ ਜਾਵੇ। ਇਸ ਲਈ ਸਿਹਤ ਵਿਭਾਗ ਦਾ ਸਹਿਯੋਗ ਕੀਤਾ ਜਾਵੇ ਅਤੇ ਸਿਹਤ ਵਿਭਾਗ ਵੱਲੋਂ ਚਲਾਈ ਜਾ ਰਹੀ ਮੁਹਿੰਮ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ। ਉਹਨਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਉਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਕੀਤਾ ਜਾਵੇ। ਇਸ ਸੰਬਧੀ ਵਧੇਰੇ ਜਾਣਕਾਰੀ ਦਿੰਦਿਆ ਜਿਲ੍ਹ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆ ਵਿੱਚੋ ਖੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੇ ਮੁਫ਼ਤ ਚੈਕ-ਅੱਪ ਅਤੇ ਇਲਾਜ ਕਰਵਾਉਣ। ਇਸ ਤੋਂ ਪਹਿਲਾਂ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੱਲੋਂ ਆਮ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਪੋਸਟਰ ਪੈਂਫਲਿਟ ਵੰਡੇ ਗਏ।ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ ਨੀਲਮ ਭਗਤ, ਸੀਨੀਅਰ ਮੈਡੀਕਲ ਅਫਸਰ ਡਾ ਨਰੇਸ਼ ਕੁਮਾਰ, ਸਹਾਇਕ ਮਲੇਰੀਆ ਅਫਸਰ ਗੁਰਦੇਵ ਸਿੰਘ, ਐਸ ਆਈ ਸੁਖਦੇਵ ਸਿੰਘ,ਪਰਮਜੀਤ ਸਿੰਘ, ਰਜਿੰਦਰ ਸਿੰਘ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਆਈ.ਸੀ. ਹਰਮੀਤ ਸਿੰਘ, ਸੰਜੀਵ ਕੁਮਾਰ, ਕੁਲਦੀਪ ਸਿੰਘ, ਰਣਜੋਧ ਸਿੰਘ, ਫੀਲਡ ਵਰਕਰਸ ਅਤੇ ਬਰੀਡਿੰਗ ਚੈੱਕਰ ਹਾਜ਼ਰ ਸਨ।

# ਸ਼ਹਿਰ ਦੀ ਸ਼ਮਸ਼ਾਨ ਘਾਟ ਉੱਤੇ ਕੀਤੀ ਜਾ ਰਹੀ ਰਾਜਨੀਤੀ ਬਰਦਾਸ਼ਤ ਨਹੀਂ : ਟੀਟੂ ਬਾਣੀਆ



ਮੁੱਲਾਂਪੁਰ ਦਾਖਾ, 17 ਜੁਲਾਈ (ਦਵਿੰਦਰ ਸਿੰਘ ਲੰਮੇ) ਉਘੇ ਸਮਾਜ ਸੇਵੀ ਅਤੇ ਆਪਣੇ ਕਮੇਡੀ ਅੰਦਾਜ਼ ਵਿੱਚ ਵੱਖ-ਵੱਖ ਮੁੱਦਿਆਂ ਤੇ ਰੋਸ ਪ੍ਰਦਰਸ਼ਨ ਕਰਕੇ ਸੁੱਤੇ ਪ੍ਰਸ਼ਾਸਨ ਨੂੰ ਜਗਾਉਣ ਵਾਲੇ ਜੈ ਪ੍ਰਕਾਸ਼ ਜੈਨ ਉਰਫ਼ ਟੀਟੂ ਬਾਣੀਆ ਮੰਡੀ ਮੁੱਲਾਂਪੁਰ ਦੀ ਸ਼ਾਨਘਾਟ 'ਤੇ ਰਾਜਨੀਤੀ ਕਰਨ ਦੇ ਮੁੱਦੇ ਤੋਂ ਡਾਢੇ ਖਫਾ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਉਹ ਮਾਣਯੋਗ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦੇਣਾ ਚਾਹੁੰਦੇ ਹਨ ਕਿ ਨਗਰ ਕੌਂਸਲਰ ਮੁੱਲਾਂਪੁਰ ਦਾਖਾ ਸ਼ਮਸ਼ਾਨ ਘਾਟ 'ਤੇ ਹੀ ਸਿਆਸਤ ਕਰੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਉਹਨਾ ਵੱਲੋਂ ਕੱਲ੍ਹ ਏ.ਡੀ.ਸੀ. ਲੁਧਿਆਣਾ ਸ਼ਹਿਰੀ ਤੇ ਵਿਕਾਸ ਅਮਿਤ ਜੀ ਨੂੰ ਮਿਲਕੇ ਸ਼ਮਸ਼ਾਨਘਾਟ ਦੀ ਉਸਾਰੀ ਲਈ ਟੈਂਡਰਾਂ ਬਾਰੇ ਜਾਣਕਾਰੀ ਮੰਗੀ ਸੀ ਤਾਂ ਉਹਨਾਂ ਕਿਹਾ ਕਿ ਟੈਂਡਰ ਤਾਂ ਪਾਏ ਜਾ ਚੁੱਕੇ ਹਨ ਅਤੇ ਤੁਸੀਂ ਈ.ਓ.. ਨਗਰ ਕੌਂਸਲ ਨਾਲ ਗੱਲਬਾਤ ਕਰੋ ਪਰ ਜਦੋਂ ਉਹਨਾਂ ਈਓ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੀ ਹੈਰਾਨੀ ਦੀ ਕੋਈ ਹੱਦ ਨਾ ਰਹੀ ਕਿਉਂਕਿ ਈ.ਓ ਦਾ ਕਹਿਣਾ ਸੀ ਕਿ ਏ.ਡੀ.ਸੀ. ਤਾਂ ਮਤਾ ਹੀ ਪਾਸ ਨਹੀਂ ਕਰ ਰਹੇ ਟੈਂਡਰ ਦਾ ਦੂਰ ਦੀ ਗੱਲ। ਬਾਣੀਏ ਨੇ ਦੱਸਿਆ ਕਿ ਸ਼ਮਸ਼ਾਨ ਘਾਟ ਦੀਆਂ ਛੱਤਾਂ ਚੋਅ ਹੋ ਰਹੀਆਂ ਹਨ ਅਤੇ ਗੇਟ ਵੀ ਟੁੱਟੇ ਪਏ ਹਨ ਪਰ ਸਰਕਾਰ ਕੋਲ ਇਸ ਕਾਰਜ ਲਈ ਪੈਸੇ ਹੀ ਨਹੀਂ ਹਨ। ਉਹਨਾਂ ਕਿਹਾ ਕਿ ਜਿਹੜੇ ਸਮਾਜ ਸੇਵੀ 20 ਲੱਖ ਲਾ ਕੇ ਬਾਹਰੀ ਹਿੱਸਾ ਬਣਾਉਣ ਦੀ ਹੈਸੀਅਤ ਰੱਖਦੇ ਹਨ ਉਹ ਦਸ ਲੱਖ ਹੋਰ ਲਗਾਕੇ ਬਾਹਰੀ ਹਿੱਸਾ ਵੀ ਬਣਾਉਣ ਦੀ ਹੈਸੀਅਤ ਰੱਖਦੇ ਹਨ ਪਰ ਅਫਸੋਸ ਤਾਂ ਇਸ ਗੱਲ ਦਾ ਹੈ ਕਿ ਨਗਰ ਕੌਂਸਲ ਨਾ ਕੰਮ ਕਰ ਰਹੀ ਹੈ ਅਤੇ ਨਾ ਹੀ ਕਰਨ ਦੇ ਰਹੀ ਹੈ । ਉਹਨਾਂ ਕਿਹਾ ਕਿ ਕੰਮ ਨਾ ਕਰਨ ਦੇਣਾ ਨਗਰ ਕੌਂਸਲ ਦੀ ਆਦਤ ਬਣ ਚੁੱਕੀ ਹੈ । ਉਹਨਾਂ ਪੁੱਛਿਆ ਕਿ ਕੰਮ ਕਦੋਂ ਸ਼ੁਰੂ ਕੀਤਾ ਜਾ ਰਿਹਾ ਹੈ ਜਾਂ ਕਰਨ ਦੀ ਨੀਅਤ ਨਹੀਂ ਹੈ ਬਾਣੀਏ ਨੇ 24 ਤਰੀਕ ਤੱਕ ਦਾ ਅਲਟੀਮੇਟਮ ਦਿੰਦਿਆਂ ਕਿਹਾ ਕਿ ਜੇਕਰ ਇਸ ਤਰੀਕ ਤੱਕ ਕੰਮ ਸ਼ੁਰੂ ਨਾ ਹੋਇਆ ਤਾਂ ਉਹ 25 ਜੁਲਾਈ ਨੂੰ ਢੋਲ ਬਜਾ ਕੇ ਸ਼ਮਸ਼ਾਨ ਘਾਟ 'ਤੇ ਰੋਸ ਪ੍ਰਗਟ ਕਰਨਗੇ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਓਐਨਜੀਸੀ ਫਾਊਂਡੇਸ਼ਨ ਵੱਲੋਂ ਬੈਟਰੀ ਵਾਹਨ ਭੇਟ

**ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਤੇ ਬਾਬਾ ਟੇਕ ਸਿੰਘ ਵੱਲੋਂ ਓਐਨਜੀਸੀ ਫਾਊਂਡੇਸ਼ਨ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ।**



ਅੰਮ੍ਰਿਤਸਰ, 17 ਜੁਲਾਈ (ਸੰਧਾ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਸੰਗਤਾਂ ਦੀ ਸਹੂਲਤ ਲਈ ਓਐਨਜੀਸੀ ਫਾਊਂਡੇਸ਼ਨ ਵੱਲੋਂ ਚੇਅਰਮੈਨ ਸ੍ਰੀ ਅਰੁਣ ਕੁਮਾਰ ਸਿੰਘ ਦੇ ਵਿਸ਼ੇਸ਼ ਉਪਰਾਲੇ ਨਾਲ ਤਿੰਨ ਬੈਟਰੀ ਵਾਹਨ ਭੇਟ ਕੀਤੇ ਹਨ। ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਓਐਨਜੀਸੀ ਫਾਊਂਡੇਸ਼ਨ ਦੇ ਜਨਰਲ ਮੈਨੇਜਰ ਪੀਓਸ਼ ਆਰਾ, ਸੀਈਓ ਸੰਦੀਪ ਕੁਮਾਰ ਨੇ ਵਾਹਨਾਂ ਦੀਆਂ ਚਾਬੀਆਂ ਸੌਂਪੀਆਂ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਪੁੱਜਦੀਆਂ ਹਨ। ਸ਼ਰਧਾਲੂਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਸੇਵਾਵਾਂ ਵਿਚ ਆਪਣੀ ਸਮਰਥਾ ਅਨੁਸਾਰ ਯੋਗਦਾਨ ਪਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਸਹੂਲਤ ਲਈ ਜਿਥੇ ਵੱਖ-ਵੱਖ ਕੰਪਨੀਆਂ ਵੱਲੋਂ ਵਾਹਨ ਭੇਟ ਕਰਕੇ ਗੁਰੂ ਘਰ ਪ੍ਰਤੀ ਸ਼ਰਧਾ ਪ੍ਰਗਟਾਈ ਜਾਂਦੀ ਹੈ, ਉਥੇ ਹੀ ਅੱਜ ਓਐਨਜੀਸੀ ਫਾਊਂਡੇਸ਼ਨ ਵੱਲੋਂ ਤਿੰਨ ਬੈਂਟਰੀ ਵਾਹਨ ਭੇਟ ਕੀਤੇ ਗਏ ਹਨ। ਇਹ ਵਾਹਨ ਬਜ਼ੁਰਗਾਂ, ਬੱਚਿਆਂ ਅਤੇ ਲੋੜਵੰਦਾਂ ਦੀ ਸਹੂਲਤ ਲਈ ਵਰਤੇ ਜਾਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਓਐਨਸੀਜੀ ਫਾਊਂਡੇਸ਼ਨ ਵੱਲੋਂ ਕੀਤੀ ਸੇਵਾ ਦੀ ਸ਼ਲਾਘਾ ਕੀਤੀ।

ਇਸ ਮੌਕੇ ਓਐਨਜੀਸੀ ਫਾਊਂਡੇਸ਼ਨ ਦੇ ਜਨਰਲ ਮੈਨੇਜਰ ਪੀਓਸ਼ ਆਰਾ ਤੇ ਸੀਈਓ ਸੰਦੀਪ ਕੁਮਾਰ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਇਕ ਅਜਿਹਾ ਅਧਿਆਤਮਕ ਕੇਂਦਰ ਹੈ, ਜਿਥੇ ਦੁਨੀਆਂ ਭਰ ਤੋਂ ਲੱਖਾਂ ਲੋਕ ਦਰਸ਼ਨ ਕਰਨ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਵੱਲੋਂ ਵਾਹਨ ਭੇਟ ਕਰਨ ਦਾ ਮਕਸਦ ਬੱਚੇ ਅਤੇ ਬਜ਼ੁਰਗ ਸੰਗਤ ਨੂੰ ਬੇਹਤਰ ਸੁਵਿਧਾ ਦੇਣਾ ਹੈ, ਤਾਂ ਜੋ ਉਨ੍ਹਾਂ ਨੂੰ ਦਰਸ਼ਨ ਕਰਨ ਸਮੇਂ ਕੋਈ ਮੁਸ਼ਕਲ ਨਾ ਆਵੇ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਗਿਆਨੀ ਟੇਕ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਤੇ ਹੋਰਾਂ ਵੱਲੋਂ ਓਐਨਜੀਸੀ ਫਾਊਂਡੇਸ਼ਨ ਦੇ ਅਧਿਕਾਰੀਆਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆ, ਸ. ਜਸਬੀਰ ਸਿੰਘ, ਸੂਚਨਾ ਅਧਿਕਾਰੀ ਸ. ਰਣਧੀਰ ਸਿੰਘ, ਸ. ਸੰਦੀਪ ਸਿੰਘ ਤੋਂ ਇਲਾਵਾ ਓਐਨਜੀਸੀ ਫਾਊਂਡੇਸ਼ਨ ਦੇ ਚੇਅਰਮੈਨ ਅਰੁਣ ਕੁਮਾਰ, ਡੀਜੀਐਮ ਮੋਹਿਤ ਸੂਦ, ਸੀਏ ਬੀਬੀ ਦਿਲਅਫਰੋਜ਼ ਅਤੇ ਹੋਰ ਮੌਜੂਦ ਸਨ।

# ਮਗਨਰੇਗਾ ਕਰਮਚਾਰੀਆਂ ਉਪਰ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ: ਪੰਡੋਰੀ



ਤਰਨ ਤਾਰਨ, 17 ਜੁਲਾਈ (ਐਸ ਐਸ ਸੰਧਾ) ਮਗਨਰੇਗਾ ਕਰਮਚਾਰੀਆਂ ਅਤੇ ਵਰਕਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਖੰਨਾ ਵਿਖੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨ ਸਿੰਘ ਸੌਂਧ ਦੀ ਰਿਹਾਇਸ ਅੱਗੇ ਸ਼ਾਂਤਮਈ ਰੋਸ਼ ਪ੍ਰਦਰਸ਼ਨ ਤੇ ਪੁਲਿਸ ਵੱਲੋਂ ਕੀਤੇ ਜਬਰਦਸਤ ਲਾਠੀ ਚਾਰਜ ਅਤੇ ਅਥਰੂ ਗੈਸ ਦੇ ਗੋਲੇ ਸੁੱਟਣ ਦੀ ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਜਿਲ੍ਹਾ ਪ੍ਰਧਾਨ ਜਸਬੀਰ ਕੌਰ ਕੈਰੋਂਵਾਲ, ਜਿਲ੍ਹਾ ਸਕੱਤਰ ਨਰਿੰਦਰ ਸਿੰਘ ਰਟੋਲ, ਮੰਗਲ ਸਿੰਘ ਟਾਂਡਾਂ ਨੇ ਸਖਤ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਲਗਾਤਾਰ ਵਾਅਦੇ ਤੇ ਦਾਅਵੇ ਕੀਤੇ ਜਾ ਰਹੇ ਹਨ ਕਿ ਸਾਰੇ ਠੇਕਾ ਕਰਮਚਾਰੀਆਂ ਨੂੰ ਉਹਨਾਂ ਦੇ ਵਿਭਾਗ ਅਧੀਨ ਲਿਆ ਕੇ ਪੱਕਾ ਕੀਤਾ ਜਾ ਰਿਹਾ ਹੈ ਪਰ ਇਹ ਝੂਠ ਉਦੋਂ ਨੰਗਾ ਹੋ ਗਿਆ ਜਦੋਂਕਿ ਉਹਨਾਂ ਨੂੰ 8 ਮਹੀਨਿਆਂ ਤੋਂ ਤਨਖਾਹਾਂ ਵੀ ਨਹੀਂ ਦਿਤੀਆਂ ਗਈਆਂ ਉਲਟਾ ਮਗਨਰੇਗਾ ਕਰਮਚਾਰੀਆਂ ਤੇ ਵਰਕਰਾਂ ਨੂੰ ਕੱਲ ਪੁਲਿਸ ਵੱਲੋਂ ਛੱਲੀਆਂ ਵਾਂਗ ਕੁੱਟਿਆ ਗਿਆ ਇੱਕ ਕਰਮਚਾਰੀ ਦੀ ਲੱਤ ਤੋੜ ਦਿੱਤੀ ਗਈ ਅਤੇ ਹੋਰ ਮਹਿਲਾਂ ਕਰਮਚਾਰੀਆਂ ਸਮੇਤ ਕਈ ਬੇਹੋਸ਼ ਅਤੇ ਜਖਮੀ ਹੋ ਗਏ ਜਿਨਾਂ ਦਾ ਹਸਪਤਾਲ ਵਿੱਚ ਇਲਾਜ ਕਰਵਾਇਆ ਜਾ ਰਿਹਾ ਹੈ। ਇਸ ਤੋਂ ਬਾਅਦ ਮੰਤਰੀ ਤਰੁਣ ਸਿੰਘ ਸੌਂਧ ਵੱਲੋਂ ਮੀਟਿੰਗ ਕਰਕੇ ਮਗਰਮੱਛ ਦੇ ਹੰਝੂ ਵਹਾਏ ਗਏ ਕਿ ਮੈਂ ਇਹਨਾਂ ਮੁਲਾਜਮਾਂ ਦਾ ਵਕੀਲ ਬਣ ਕੇ ਕੰਮ ਕਰਾਂਗਾ ਅਤੇ ਇਹਨਾਂ ਦੇ ਮਸਲੇ ਹੱਲ ਕੀਤੇ ਜਾਣਗੇ ਜਦੋਂ ਕਿ ਮਗਨਰੇਗਾ ਕਰਮਚਾਰੀ ਅਤੇ ਵਰਕਰ ਉਹਨਾਂ ਨੂੰ ਅੱਠ ਮਹੀਨੇ ਦੀ ਤਨਖਾਹ ਨਾ ਮਿਲਣ ਅਤੇ ਉਹਨਾਂ ਨੂੰ ਪੰਚਾਇਤੀ ਵਿਭਾਗ ਵਿੱਚ ਲਿਆ ਕੇ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਡੇਢ ਮਹੀਨੇ ਤੋਂ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨ ਸਿੰਘ ਸੌਂਦ ਦੀ ਰਿਹਾਇਸ ਨੇੜੇ ਧਰਨੇ ਤੇ ਬੈਠੇ ਹੋਏ ਹਨ। ਕੱਲ ਹਜ਼ਾਰਾਂ ਦੀ ਗਿਣਤੀ ਵਿੱਚ ਕਰਮਚਾਰੀਆਂ ਤੇ ਵਰਕਰਾਂ ਨੇ ਇਕੱਠ ਕਰਕੇ ਮੰਤਰੀ ਨੂੰ ਮਸਲੇ ਹੱਲ ਕਰਨ ਲਈ ਸਾਂਤਮਈ ਧਰਨਾ ਦਿੱਤਾ ਤਾਂ ਮੰਤਰੀ ਨੇ ਉਹਨਾਂ ਦੀ ਕੋਈ ਗੱਲ ਨਾ ਸੁਣੀ। ਜਦੋਂ ਕਰਮਚਾਰੀਆਂ ਨੇ ਰਹਿਣ ਦੇ ਪ੍ਰਬੰਧਾਂ ਤੇ ਮੰਗਾਂ ਲਈ ਮੰਤਰੀ ਦੇ ਘਰ ਦੇ ਨੇੜੇ ਜਾ ਕੇ ਦੱਸਣ ਦੀ ਕੋਸ਼ਿਸ਼ ਕੀਤੀ ਤਾਂ ਉਹਨਾਂ ਤੇ ਜਬਰ ਦਾ ਕਹਿਰ ਢਾਇਆ ਗਿਆ। ਇਹਨਾਂ ਆਗੂਆਂ ਨੇ ਕਿਹਾ ਕਿ ਜੇਕਰ ਪੰਚਾਇਤ ਮੰਤਰੀ ਵੱਲੋਂ ਇਹਨਾਂ ਕਰਮਚਾਰੀਆਂ ਤੇ ਵਰਕਰਾਂ ਪ੍ਰਤੀ ਮੀਟਿੰਗ ਵਿੱਚ ਗੰਭੀਰਤਾ ਨਾਲ ਮਸਲੇ ਹੱਲ ਕਰਨ ਦੀ ਗੱਲ ਕਹੀ ਜਾ ਰਹੀ ਹੈ ਤਾਂ ਉਹ ਕਰਮਚਾਰੀਆਂ ਦੀ ਅੱਠ ਮਹੀਨੇ ਦੀ ਤਨਖਾਹ ਤੁਰੰਤ ਜਾਰੀ ਕਰੇ ਤੇ ਉਹਨਾਂ ਨੂੰ ਵਿਭਾਗ ਅਧੀਨ ਲਿਆ ਕੇ ਪੱਕਾ ਕੀਤਾ ਜਾਵੇ।


## ਦਰਸ਼ਨ ਬੇਕਰੀ



ਮੇਨ ਰੋਡ ਫਤਿਆਬਾਦ, (ਤਰਨ ਤਾਰਨ)

ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।

ਕੁਲਜੀਤ ਸਿੰਘ ਲਾਡੀ

ਸੰਪਰਕ : 98721-51544, 98559-21544

## ਵਾਈਟ ਰੋਜ਼ ਪੋਲਟਰੀ ਫੀਡ

ਵਧੀਆ ਐਫ ਸੀ ਆਰ ਤੇ ਘੱਟ ਮੋਰਟੈਲਟੀ ਤੇ ਮੁਰਗਾ ਪਾਲਣ ਲਈ ਵਰਤੋ ਵਾਈਟ ਰੋਜ਼ ਪੋਲਟਰੀ ਫੀਡ।

ਸੰਪਰਕ : 98140-75988, 75280-11696